ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

YouTube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਸ਼ੁੱਕਰਵਾਰ, 19 ਅਪ੍ਰੈਲ 2024 (ਨਾਨਕਸ਼ਾਹੀ ਸੰਮਤ : ੫੫੬, ੭ ਵੇਸਾਖ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਬਾਰਡਰ ਰੇਂਜ 'ਚ ਪੁਲਸ ਦੀ ਵੱਡੀ ਕਾਰਵਾਈ, ਇਨ੍ਹਾਂ ਜ਼ਿਲ੍ਹਿਆਂ 'ਚ ਹਥਿਆਰ ਤੇ ਨਸ਼ੀਲੇ ਪ੍ਰਦਾਰਥ ਨਾਲ 197 ਗ੍ਰਿਫ਼ਤਾਰ

**ਅੰਮ੍ਰਿਤਸਰ, 18 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਪਿਛਲੇ 10 ਦਿਨਾਂ ਦੀ ਕਾਰਵਾਈ ਦੌਰਾਨ ਅੰਮ੍ਰਿਤਸਰ ਬਾਰਡਰ ਰੇਂਜ ਪੁਲਸ ਨੇ ਬਾਰਡਰ ਰੇਂਜ ਅਧੀਨ ਆਉਂਦੇ ਸਮੂਹ ਪੁਲਸ ਜ਼ਿਲਿਆਂ ਦੇ ਅੰਦਰੂਨੀ ਅਤੇ ਬਾਹਰੀ ਖੇਤਰਾਂ ਵਿਚ ਭਾਰੀ ਛਾਪੇਮਾਰੀ ਕਰਦੇ ਹੋਏ ਨਸ਼ੀਲੇ ਪਦਾਰਥਾਂ ਦੀ ਸਪਲਾਈ ਲਾਈਨ ਤੋੜ ਦਿੱਤੀ ਅਤੇ ਕਈ ਥਾਵਾਂ 'ਤੇ ਛਾਪੇਮਾਰੀ ਕਰ ਕੇ ਨਾਜਾਇਜ਼ ਸ਼ਰਾਬ ਬਰਾਮਦ ਕੀਤੀ ਹੈ। ਇਸ ਦੌਰਾਨ ਉਨ੍ਹਾਂ ਸ਼ਹਿਰੀ ਖੇਤਰਾਂ ਤੋਂ ਇਲਾਵਾ ਬਾਹਰੀ ਖੇਤਰਾਂ ਅਤੇ ਸੁੰਨਸਾਨ ਥਾਵਾਂ 'ਤੇ ਵੀ ਆਪਣੀ ਸੂਚਨਾ ਪ੍ਰਣਾਲੀ ਨੂੰ ਮਜ਼ਬੂਤ ??ਕੀਤਾ ਤਾਂ ਜੋ ਅਮਨ-ਕਾਨੂੰਨ ਦੇ ਮਾਮਲੇ ਵਿਚ ਕਿਸੇ ਕਿਸਮ ਦੀ ਕੋਈ ਕੁਤਾਹੀ ਜਾਂ ਕਮੀ ਨਾ ਰਹਿ ਸਕੇ। ਲੋਕਾਂ ਵਿਚ ਵਿਸ਼ਵਾਸ਼ ਪੈਦਾ ਕਰਨ ਲਈ ਪੁਲਸ ਰਾਹੀਂ ਲੋਕਾਂ ਨੂੰ ਸੰਦੇਸ਼ ਦਿੱਤਾ ਗਿਆ ਕਿ ਜੇਕਰ ਕੋਈ ਕਿਸੇ ਕਿਸਮ ਦੀ ਜਾਣਕਾਰੀ ਦਿੰਦਾ ਹੈ ਤਾਂ ਉਸ ਦਾ ਨਾਮ ਹਰ ਤਰ੍ਹਾਂ ਨਾਲ ਗੁਪਤ ਰੱਖਿਆ ਜਾਵੇ। ਦੱਸਿਆ ਜਾਂਦਾ ਹੈ ਕਿ ਇਸ ਵਾਰ ਆਮ ਲੋਕਾਂ ਨੇ ਵੀ ਪੁਲਸ ਨੂੰ ਪੂਰਾ ਸਹਿਯੋਗ ਦਿੱਤਾ। ਬਾਰਡਰ ਰੇਂਜ ਦੇ ਆਈ. ਪੀ. ਐੱਸ. ਅਧਿਕਾਰੀ ਡੀ. ਆਈ. ਜੀ. ਰਾਕੇਸ਼ ਕੌਸ਼ਲ ਨੇ ਚੋਣ ਕਮਿਸ਼ਨ ਅਤੇ ਡੀ. ਜੀ. ਪੀ. ਦੀਆਂ ਹਦਾਇਤਾਂ 'ਤੇ ਬਾਰਡਰ ਰੇਂਜ ਦੇ ਚਾਰ ਪੁਲਸ ਜ਼ਿਲ੍ਹਿਆਂ ਅੰਮ੍ਰਿਤਸਰ ਦਿਹਾਤੀ, ਬਟਾਲਾ, ਗੁਰਦਾਸਪੁਰ ਅਤੇ ਪਠਾਨਕੋਟ ਦੇ ਵੱਖ-ਵੱਖ ਥਾਣਿਆਂ ਵਿਚ 112 ਕੇਸ ਦਰਜ ਕਰ ਕੇ ਨਾਜਾਇਜ਼ ਹਥਿਆਰਾਂ, ਨਾਰਕੋ, ਪੀ. ਓ., ਸ਼ਰਾਬ ਸਮੇਤ 197 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ।

## ਟੋਆ ਪੁੱਟ ਕੇ ਜ਼ਿੰਦਾ ਦੱਬ ਦਿੱਤੀ ਸੀ ਮਾਸੂਮ

# ਮਾਸੂਮ ਦਿਲਰੋਜ਼ ਦੀ ਕਾਤਲ ਨੂੰ ਅਦਾਲਤ ਨੇ ਸੁਣਾਈ ਫ਼ਾਂਸੀ ਦੀ ਸਜ਼ਾ

**ਲੁਧਿਆਣਾ, 18 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਲੁਧਿਆਣਾ ਵਿੱਚ ਢਾਈ ਸਾਲ ਦੀ ਬੱਚੀ ਦਾ ਕਤਲ ਕਰਨ ਵਾਲੀ ਗੁਆਂਢੀ ਔਰਤ ਨੀਲਮ ਨੂੰ ਅਦਾਲਤ ਨੇ ਮੌਤ ਦੀ ਸਜ਼ਾ ਸੁਣਾਈ ਹੈ। ਉਸ ਨੇ ਦੋ ਸਾਲ ਪਹਿਲਾਂ ਬੱਚੀ ਨੂੰ ਜ਼ਿੰਦਾ ਦਫ਼ਨਾ ਦਿੱਤਾ ਸੀ। ਬੀਤੇ ਸ਼ੁੱਕਰਵਾਰ ਨੂੰ ਅਦਾਲਤ ਨੇ ਉਸ ਨੂੰ ਦੋਸ਼ੀ ਕਰਾਰ ਦਿੱਤਾ ਸੀ। ਇਹ ਫੈਸਲਾ ਸੈਸ਼ਨ ਜੱਜ ਮੁਨੀਸ਼ ਸਿੰਘਲ ਦੀ ਅਦਾਲਤ ਨੇ ਦਿੱਤਾ ਹੈ। ਨੀਲਮ ਨੇ 28 ਨਵੰਬਰ 2021 ਨੂੰ ਸ਼ਿਮਲਾਪੁਰੀ ਇਲਾਕੇ ਤੋਂ ਮਾਸੂਮ ਦਿਲਰੋਜ਼ ਨੂੰ ਸਕੂਟਰ 'ਤੇ ਅਗਵਾ ਕਰ ਲਿਆ ਸੀ ਅਤੇ ਸਲੇਮ ਟਾਬਰੀ ਇਲਾਕੇ 'ਚ ਟੋਆ ਪੁੱਟ ਕੇ ਉਸ ਨੂੰ ਜ਼ਿੰਦਾ ਦੱਬ ਦਿੱਤਾ ਸੀ। ਦਿਲਰੋਜ਼ ਦੇ ਪੁਲਿਸ ਮੁਲਾਜ਼ਮ ਪਿਤਾ ਹਰਪ੍ਰੀਤ ਸਿੰਘ ਨੇ ਪੁਲਿਸ ਨੂੰ ਦਿੱਤੇ ਆਪਣੇ ਬਿਆਨਾਂ ਵਿੱਚ ਦੱਸਿਆ ਸੀ ਕਿ ਉਹ ਆਪਣੇ ਬੱਚਿਆਂ ਲਈ ਬਜ਼ਾਰ ਤੋਂ ਖਿਡੌਣੇ ਅਤੇ ਸਮਾਨ ਲਿਆਉਂਦਾ ਸੀ। ਨੀਲਮ ਦਾ ਤਲਾਕ ਹੋ ਚੁੱਕਾ ਸੀ। ਇਸ ਲਈ ਉਹ ਆਪਣੇ ਬੱਚਿਆਂ ਲਈ ਇਹ ਸਭ ਕੁਝ ਲਿਆਉਣ ਦੇ ਯੋਗ ਨਹੀਂ ਸੀ। ਇਸ ਕਾਰਨ ਉਹ ਦਿਲਰੋਜ਼ ਨਾਲ ਨਰਾਜ਼ਗੀ ਰੱਖਣ ਲੱਗੀ। ਇਸ ਤੋਂ ਬਾਅਦ ਇੱਕ ਦਿਨ ਦਿਲਰੋਜ਼ ਨੂੰ ਸਕੂਟਰ 'ਤੇ ਬਿਠਾ ਕੇ ਉਸ ਦਾ ਕਤਲ ਕਰ ਦਿੱਤਾ। ਜ਼ਿਕਰ ਕਰ ਦਈਏ ਕਿ ਢਾਈ ਸਾਲ ਪਹਿਲਾਂ ਢਾਈ ਸਾਲ ਦੇ ਮਾਸੂਮ ਦਿਲਰੋਜ਼ ਦਾ ਉਸ ਦੇ ਗੁਆਂਢ 'ਚ ਰਹਿਣ ਵਾਲੀ ਔਰਤ ਨੇ ਕਤਲ ਕਰ ਦਿੱਤਾ ਸੀ। ਬੱਚੀ ਦੀ ਮਾਂ ਨੇ ਇਸ ਮੌਕੇ ਮੁਲਜ਼ਮ ਔਰਤ ਲਈ ਸਖ਼ਤ ਤੋਂ ਸਖ਼ਤ ਸਜ਼ਾ ਦੀ ਮੰਗ ਕੀਤੀ। ਮਾਸੂਮ ਬੱਚੀ ਨੂੰ ਉਸ ਦੇ ਘਰ ਤੋਂ ਕਰੀਬ 10 ਕਿਲੋਮੀਟਰ ਦੂਰ ਇੱਕ ਥਾਂ 'ਤੇ ਲਿਜਾ ਕੇ ਜ਼ਿੰਦਾ ਦਫ਼ਨ ਕਰ ਦਿੱਤਾ ਗਿਆ। ਕਾਤਲ ਨੀਲਮ ਨੇ ਪੁਲਿਸ ਨੂੰ ਦੱਸਿਆ ਕਿ ਉਹ ਦਿਲਰੋਜ਼ ਨੂੰ ਐਲਡੀਕੋ ਨੇੜੇ ਖਾਲੀ ਥਾਂ 'ਤੇ ਲੈ ਗਈ। ਉੱਥੇ ਉਸ ਨੂੰ ਇੱਕ ਟੋਏ ਵਿੱਚ ਜ਼ਿੰਦਾ ਦੱਬ ਦਿੱਤਾ। ਨੀਲਮ ਦੇ ਇਸ ਖ਼ੁਲਾਸੇ ਤੋਂ ਬਾਅਦ ਪੁਲਿਸ ਅਤੇ ਪਰਿਵਾਰ ਮੌਕੇ 'ਤੇ ਪਹੁੰਚ ਗਏ ਅਤੇ ਬੱਚੀ ਨੂੰ ਟੋਏ 'ਚੋਂ ਬਾਹਰ ਕੱਢਿਆ। ਲੜਕੀ ਨੂੰ ਤੁਰੰਤ ਡੀਐੱਮਸੀ ਹਸਪਤਾਲ ਲਿਜਾਇਆ ਗਿਆ, ਪਰ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ।



## ਮੋਗਾ 'ਚ ਹੰਸਰਾਜ ਹੰਸ ਦਾ ਫਿਰ ਵਿਰੋਧ, ਪੁਲਿਸ ਨੇ ਹਿਰਾਸਤ 'ਚ ਲਏ ਪ੍ਰਦਰਸ਼ਨਕਾਰੀ ਕਿਸਾਨ

**ਮੋਗਾ, 18 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਮੋਗਾ ਜ਼ਿਲ੍ਹੇ ਵਿੱਚ ਥਾਂ-ਥਾਂ ਕਿਸਾਨਾਂ ਵੱਲੋਂ ਭਾਜਪਾ ਦਾ ਵਿਰੋਧ ਕੀਤਾ ਜਾ ਰਿਹਾ ਹੈ। ਇਸੇ ਤਹਿਤ ਅੱਜ ਮੋਗਾ ਦੇ ਕਸਬਾ ਬਾਘਾ ਪੁਰਾਣਾ ਵਿਖੇ ਕਿਰਤੀ ਕਿਸਾਨ ਯੂਨੀਅਨ ਨਾਲ ਜੁੜੇ ਕਿਸਾਨਾਂ ਨੇ ਭਾਜਪਾ ਦੇ ਫਰੀਦਕੋਟ ਲੋਕ ਸਭਾ ਸੀਟ ਦੇ ਉਮੀਦਵਾਰ ਅਤੇ ਪ੍ਰਸਿੱਧ ਸੂਫੀ ਗਾਇਕ ਹੰਸਰਾਜ ਹੰਸ ਦੇ ਖਿਲਾਫ ਰੋਸ ਪ੍ਰਦਰਸ਼ਨ ਕੀਤਾ ਅਤੇ ਨਾਅਰੇਬਾਜ਼ੀ ਕਰਕੇ ਰੋਸ ਪ੍ਰਦਰਸ਼ਨ ਕੀਤਾ। ਪੁਲੀਸ ਨੇ ਪ੍ਰਦਰਸ਼ਨ ਕਰ ਰਹੇ ਕਿਸਾਨਾਂ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਜਾਣਕਾਰੀ ਦਿੰਦੇ ਹੋਏ ਕਿਸਾਨ ਆਗੂ ਨੇ ਕਿਹਾ ਕਿ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਵਲੋਂ ਕੀਤੇ ਵਾਅਦੇ ਪੂਰੇ ਨਹੀਂ ਕੀਤੇ ਗਏ। ਵਿਰੋਧ ਕਰਨ ਲਈ ਦਿੱਲੀ ਜਾ ਰਹੇ ਕਿਸਾਨਾਂ ਨੂੰ ਰੋਕਿਆ ਗਿਆ ਅਤੇ ਸਰਹੱਦ 'ਤੇ ਕਿਸਾਨਾਂ 'ਤੇ ਗੋਲੀਆਂ ਚਲਾਈਆਂ ਗਈਆਂ। ਸਾਡਾ ਕਿਸਾਨ ਵੀਰ ਸ਼ਹੀਦ ਹੋ ਗਿਆ। ਉਨ੍ਹਾਂ ਕਿਹਾ ਕਿ ਭਾਜਪਾ ਵੱਲੋਂ ਕਿਸਾਨਾਂ ਨੂੰ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ, ਜਦਕਿ ਉਨ੍ਹਾਂ ਕਿਹਾ ਕਿ ਅਸੀਂ ਭਾਜਪਾ ਦਾ ਬਾਈਕਾਟ ਕਰਦੇ ਹਾਂ। ਕੋਈ ਵੀ ਕਿਸਾਨ ਉਨ੍ਹਾਂ ਨੂੰ ਵੋਟ ਨਹੀਂ ਦੇਵੇਗਾ। ਉਨ੍ਹਾਂ ਕਿਹਾ ਕਿ ਭਾਜਪਾ ਦੇ ਉਮੀਦਵਾਰ ਕਿਤੇ ਵੀ ਜਾਂਦੇ ਹਨ ਤਾਂ ਕਿਸਾਨਾਂ ਵੱਲੋਂ ਉਨ੍ਹਾਂ ਦਾ ਵਿਰੋਧ ਕੀਤਾ ਜਾਵੇਗਾ। ਕਿਸਾਨਾਂ ਦੇ ਰੋਸ ਨੂੰ ਦੇਖਦਿਆਂ ਪੁਲਿਸ ਵੀ ਮੌਕੇ 'ਤੇ ਪਹੁੰਚ ਗਈ ਅਤੇ ਪੰਜਾਹ ਦੇ ਕਰੀਬ ਧਰਨਾਕਾਰੀ ਕਿਸਾਨਾਂ ਨੂੰ ਹਿਰਾਸਤ ਵਿੱਚ ਲੈ ਕੇ ਥਾਣੇ ਲੈ ਗਈ। ਇਸ ਤੋਂ ਬਾਅਦ ਹੰਸਰਾਜ ਹੰਸ ਕਸਬੇ ਵਿੱਚ ਭਾਜਪਾ ਵਰਕਰਾਂ ਨਾਲ ਮੀਟਿੰਗ ਕਰ ਰਹੇ ਹਨ।



## ਮੁਕੇਰੀਆਂ 'ਚ ਵਾਪਰੀ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਦੀ ਘਟਨਾ, ਖਿਲਰੇ ਮਿਲੇ ਅੰਗ



**ਮੁਕੇਰੀਆਂ, 18 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਥਾਣਾ ਮੁਕੇਰੀਆਂ ਦੇ ਪਿੰਡ ਚੀਮਾ ਪੋਤਾ ਵਿਖੇ ਪਿੰਡ ਦੇ ਸ੍ਰੀ ਗੁਰੂ ਰਵਿਦਾਸ ਸਭਾ ਗੁਰਦੁਆਰਾ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਮੌਕੇ ਡੀ. ਐੱਸ. ਪੀ. ਮੁਕੇਰੀਆਂ ਵਿਪਨ ਕੁਮਾਰ ਅਤੇ ਐੱਸ. ਐੱਚ. ਓ. ਪ੍ਰਮੋਦ ਕੁਮਾਰ ਮੌਕੇ 'ਤੇ ਪਹੁੰਚੇ ਅਤੇ ਉਨ੍ਹਾਂ ਘਟਨਾਕ੍ਰਮ ਦਾ ਜਾਇਜ਼ਾ ਲਿਆ। ਇਸ ਮੌਕੇ ਸਤਿਕਾਰ ਕਮੇਟੀ ਦੇ ਪ੍ਰਧਾਨ ਦਵਿੰਦਰ ਸਿੰਘ ਖਾਲਸਾ ਅਤੇ ਹੋਰ ਪਿੰਡ ਨਿਵਾਸੀ ਵੀ ਹਾਜ਼ਰ ਸਨ। ਇਸ ਮੌਕੇ ਸਤਿਕਾਰ ਕਮੇਟੀ ਦੇ ਪ੍ਰਧਾਨ ਦਵਿੰਦਰ ਸਿੰਘ ਖਾਲਸਾ ਨੇ ਦੱਸਿਆ ਕਿ ਜਦੋਂ ਉਨ੍ਹਾਂ ਨੂੰ ਪਤਾ ਲੱਗਾ ਤਾਂ ਉਹ ਗੁਰਦੁਆਰਾ ਸਾਹਿਬ ਪਹੁੰਚੇ ਅਤੇ ਉਨ੍ਹਾਂ ਗੁਰਦੁਆਰਾ ਦੇ ਪਾਠੀ ਹਰਬੰਸ ਲਾਲ ਅਤੇ ਹੋਰ ਕਮੇਟੀ ਮੈਂਬਰਾਂ ਨੂੰ ਨਾਲ ਲੈ ਕੇ ਜਾਂਚ ਪੜਤਾਲ ਕੀਤੀ। ਉਨ੍ਹਾਂ ਦੱਸਿਆ ਕਿ ਸਰੂਪ ਕੁਝ ਪੁਰਾਣੇ ਸਨ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅੰਗ ਫਟੇ ਹੋਏ ਵੇਖੇ ਗਏ ਜਦੋਂ ਸਰੂਪ ਦੇ ਸੁਖ ਆਸਨ ਕਰਕੇ ਦੂਜੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪ ਦਾ ਪ੍ਰਕਾਸ਼ ਕੀਤਾ ਗਿਆ ਤਾਂ ਉਸ ਦੇ ਵੀ ਅੰਗ ਫਟੇ ਹੋਏ ਪਾਏ ਗਏ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਤੁਰੰਤ ਮੁਕੇਰੀਆਂ ਪੁਲਸ ਨੂੰ ਸੂਚਿਤ ਕੀਤਾ ਗਿਆ। ਜਦੋਂ ਇਸ ਸਬੰਧੀ ਡੀ. ਐੱਸ. ਪੀ. ਮੁਕੇਰੀਆਂ ਨਾਲ ਸੰਪਰਕ ਕੀਤਾ ਗਿਆ ਤਾਂ ਉਨ੍ਹਾਂ ਦੱਸਿਆ ਕਿ ਇਸ ਸਬੰਧੀ ਸਤਿਕਾਰ ਕਮੇਟੀ ਦੇ ਪ੍ਰਧਾਨ ਦਵਿੰਦਰ ਸਿੰਘ ਅਤੇ ਗੁਰਦੁਆਰਾ ਸਾਹਿਬ ਦੇ ਪਾਠੀ ਹਰਬੰਸ ਲਾਲ ਦੇ ਬਿਆਨਾਂ ਦੇ ਆਧਾਰ 'ਤੇ ਮਾਮਲਾ ਦਰਜ ਕਰ ਲਿਆ ਗਿਆ। ਉਨ੍ਹਾਂ ਦੱਸਿਆ ਕਿ ਇਹ ਬੇਅਦਬੀ ਦਾ ਮਾਮਲਾ ਕਾਫ਼ੀ ਪਹਿਲਾਂ ਦਾ ਲੱਗਦਾ ਹੈ ਅਤੇ ਇਸ ਸਬੰਧੀ ਬਰੀਕੀ ਨਾਲ ਜਾਂਚ ਕੀਤੀ ਜਾ ਰਹੀ। ਇਥੇ ਜ਼ਿਕਰਯੋਗ ਹੈ ਕਿ ਦੋਵੇਂ ਸਰੂਪਾਂ ਨੂੰ ਸਤਿਕਾਰ ਸਹਿਤ ਗੁਰਦੁਆਰਾ ਨਾਨਕ ਦਰਬਾਰ ਟੱਕਰ ਸਾਹਿਬ ਉਸ਼ਮਾਨ ਸ਼ਹੀਦ ਵਿਖੇ ਰੱਖਿਆ ਗਿਆ ਹੈ।

ਆਵਾਜ਼ਿ ਕੌਮ

Daily Newspaper from U.K.

Publisher/Chief Editor

Raghbir Singh Walsal

E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :

+447458381111

+447976210161

+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ

ਯੂ.ਕੇ. ਮੁੱਖ ਸੰਪਾਦਕ

Raghbir Singh Walsall uk

ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। **-ਸੰਪਾਦਕ**

## ਮਨੀਸ਼ ਸਿਸੋਦੀਆ ਨੂੰ ਝਟਕਾ, ਅਦਾਲਤ ਨੇ 26 ਅਪ੍ਰੈਲ ਤੱਕ ਵਧਾਈ ਨਿਆਂਇਕ ਹਿਰਾਸਤ



**ਨਵੀਂ ਦਿੱਲੀ, 18 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸਾਬਕਾ ਉਪ ਮੁੱਖ ਮੰਤਰੀ ਮਨੀਸ਼ ਸਿਸੋਦੀਆ ਨੂੰ ਵੀਰਵਾਰ (18 ਅਪ੍ਰੈਲ, 2024) ਨੂੰ ਦਿੱਲੀ ਸ਼ਰਾਬ ਨੀਤੀ ਨਾਲ ਸਬੰਧਤ ਮਨੀ ਲਾਂਡਰਿੰਗ ਮਾਮਲੇ ਵਿੱਚ ਝਟਕਾ ਲੱਗਾ। ਰਾਊਜ਼ ਐਵੇਨਿਊ ਅਦਾਲਤ ਨੇ ਸਿਸੋਦੀਆ ਦੀ ਨਿਆਂਇਕ ਹਿਰਾਸਤ 26 ਅਪ੍ਰੈਲ ਤੱਕ ਵਧਾ ਦਿੱਤੀ ਹੈ। ਰਾਉਸ ਐਵੇਨਿਊ ਅਦਾਲਤ ਮਾਮਲੇ ਦੀ ਅਗਲੀ ਸੁਣਵਾਈ 26 ਅਪ੍ਰੈਲ ਨੂੰ ਸਵੇਰੇ 11 ਵਜੇ ਕਰੇਗੀ। ਸੁਣਵਾਈ ਦੌਰਾਨ ਅਦਾਲਤ ਨੇ ਦੋਸ਼ੀਆਂ ਨੂੰ ਉਨ੍ਹਾਂ ਦਸਤਾਵੇਜ਼ਾਂ ਦੀ ਸੂਚੀ ਦੇਣ ਦਾ ਨਿਰਦੇਸ਼ ਦਿੱਤਾ, ਜਿਨ੍ਹਾਂ ਦੀ ਜਾਂਚ ਅਜੇ ਪੂਰੀ ਨਹੀਂ ਹੋਈ ਹੈ। ਇਸ ਤੋਂ ਪਹਿਲਾਂ ਅਦਾਲਤ ਨੇ ਆਮ ਆਦਮੀ ਪਾਰਟੀ (ਆਪ) ਨੇਤਾ ਸਿਸੋਦੀਆ ਦੀ ਨਿਆਂਇਕ ਹਿਰਾਸਤ 18 ਅਪ੍ਰੈਲ ਤੱਕ ਵਧਾ ਦਿੱਤੀ ਸੀ। ਸਿਸੋਦੀਆ ਦੀ ਜ਼ਮਾਨਤ ਪਟੀਸ਼ਨ 'ਤੇ ਸੁਣਵਾਈ ਦੌਰਾਨ ਉਨ੍ਹਾਂ ਦੇ ਵਕੀਲ ਮੋਹਿਤ ਮਾਥੁਰ ਨੇ ਦਲੀਲ ਦਿੱਤੀ ਸੀ ਕਿ ਮਾਮਲੇ ਦੀ ਜਾਂਚ ਪੂਰੀ ਕਰਨ 'ਚ ਦੇਰੀ ਹੋਈ ਹੈ। ਇੱਕ ਹੋਰ ਦੋਸ਼ੀ ਬੇਨੋਏ ਬਾਬੂ ਨੂੰ ਮਿਲੀ ਜ਼ਮਾਨਤ ਦਾ ਹਵਾਲਾ ਦਿੰਦੇ ਹੋਏ, ਮਾਥੁਰ ਨੇ ਕਿਹਾ ਕਿ ਸਿਸੋਦੀਆ ਹੁਣ ਪ੍ਰਭਾਵਸ਼ਾਲੀ ਅਹੁਦੇ 'ਤੇ ਨਹੀਂ ਹਨ। ਦਰਅਸਲ, ਈਡੀ ਅਤੇ ਸੀਬੀਆਈ ਦੋਵੇਂ ਦਿੱਲੀ ਸ਼ਰਾਬ ਨੀਤੀ ਨਾਲ ਜੁੜੇ ਮਨੀ ਲਾਂਡਰਿੰਗ ਮਾਮਲੇ ਵਿੱਚ ਸਿਸੋਦੀਆ ਦੀ ਭੂਮਿਕਾ ਦੀ ਜਾਂਚ ਕਰ ਰਹੇ ਹਨ। ਈਡੀ ਨੇ ਦਾਅਵਾ ਕੀਤਾ ਹੈ ਕਿ ਦਿੱਲੀ ਸ਼ਰਾਬ ਨੀਤੀ ਨੂੰ ਤਿਆਰ ਕਰਨ ਅਤੇ ਲਾਗੂ ਕਰਨ ਵਿੱਚ ਕਥਿਤ ਭ੍ਰਿਸ਼ਟਾਚਾਰ ਹੋਇਆ ਹੈ। ਇਸ ਦਾ ਮੁੱਖ ਸਾਜ਼ਿਸ਼ਕਾਰ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਹੈ। ਪੂਰੇ ਮਾਮਲੇ 'ਚ 'ਆਪ' ਦੇ ਕਈ ਨੇਤਾ ਅਤੇ ਮੰਤਰੀ ਕੇਜਰੀਵਾਲ ਨਾਲ ਜੁੜੇ ਹੋਏ ਹਨ। ਹਾਲ ਹੀ 'ਚ ਦਿੱਲੀ ਆਬਕਾਰੀ ਨੀਤੀ ਨਾਲ ਜੁੜੇ ਮਨੀ ਲਾਂਡਰਿੰਗ ਮਾਮਲੇ 'ਚ ਅਦਾਲਤ ਨੇ ਆਮ ਆਦਮੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਕੇਜਰੀਵਾਲ ਦੀ ਨਿਆਂਇਕ ਹਿਰਾਸਤ 23 ਅਪ੍ਰੈਲ ਤੱਕ ਵਧਾ ਦਿੱਤੀ ਹੈ। ਕੇਜਰੀਵਾਲ ਨੂੰ ਇਸ ਮਾਮਲੇ ਵਿੱਚ ਈਡੀ ਨੇ 21 ਮਾਰਚ ਨੂੰ ਗ੍ਰਿਫ਼ਤਾਰ ਕੀਤਾ ਸੀ।

# ਸ੍ਰੀ ਗੁਰੂ ਗ੍ਰੰਥ ਸਹਿਬ ਜੀ ਸੇਵਾ ਕੇਂਦਰ

## ਗੁਰਮਤਿ ਵਿਦਿਆਲਾ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁੱਖੀ ਦਮਦਮੀ ਟਕਸਾਲ ਯਾਦਗਾਰੀ ਅਸਥਾਨ ਬਾਬਾ ਠਾਕੁਰ ਸਿੰਘ ਜੀ ਖਾਲਸਾ ਭਿੰਡਰਾਂਵਾਲੇ

### ਨਵਾਂ ਗੁਰਮਤਿ ਵਿਦਿਆਲਾ ਅਤੇ ਖੇਡ ਸਹੂਲਤਾਂ ਦੇ ਪ੍ਰੋਜੈਕਟ

ਦਮਦਮੀ ਟਕਸਾਲ ਜਥਾ ਭਿੰਡਰਾਂ ਯੂ ਕੇ

24 ਦਸੰਬਰ 2021 ਨੂੰ ਦਮਦਮੀ ਟਕਸਾਲ ਜਥਾ (ਯੂ.ਕੇ. & ਯੂਰਪ) ਦੀ ਨੁਮਾਇੰਦਗੀ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅਤੇ ਸਾਧਸੰਗਤ ਦੀ ਹਜ਼ੂਰੀ ਵਿੱਚ ਪੰਜ ਸਿੰਘਾਂ ਦੀ ਨਿਯੁਕਤੀ ਕੀਤੀ ਗਈ ਸੀ।

ਪਿਛਲੇ 2 ਸਾਲਾਂ ਤੋਂ ਸੇਵਾਦਾਰ ਇੱਕ ਜਗ੍ਹਾ ਦੀ ਖੋਜ ਕਰ ਰਹੇ ਸਨ ਜਿੱਥੇ ਗੁਰਮਤਿ ਵਿਦਿਆਲਾ ਬਣੇ ਅਤੇ ਸਪੋਰਟਸ ਦੀਆਂ ਸਹੂਲਤਾਂ ਹੋਣ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਕਿਰਪਾ ਨਾਲ ਅਸਥਾਨ ਬਣਾਉਣ ਲਈ ਜਗ੍ਹਾ ਦੀ ਭਾਲ ਕਰ ਰਹੇ ਸੀ ਜੋ ਹੁਣ ਸਾਨੂੰ ਲੱਭ ਗਈ ਹੈ ਅਤੇ ਹੁਣ ਖਰੀਦਣ ਲਈ ਯਤਨ ਜਾਰੀ ਹਨ।

ਵੈਸਟ ਮਿਡਲੈਂਡਜ਼ ਵਿੱਚ, M5 ਮੋਟਰਵੇਅ 'ਤੇ ਜੰਕਸ਼ਨ 2 ਤੋਂ ਇੱਕ ਮੀਲ ਦੀ ਦੂਰੀ ਤੇ ਇਹ ਜਗ੍ਹਾ ਹੈ ਜਿਸ ਵਿੱਚ ਕਾਰ ਪਾਰਕ, ਫੁੱਟਬਾਲ ਪਿੱਚ ਅਤੇ ਇਮਾਰਤ ਸਮੇਤ 4.6 ਏਕੜ ਜਗ੍ਹਾ ਹੈ (ਜੋ ਪਹਿਲਾਂ ਸਮਾਜਿਕ ਅਤੇ ਖੇਡ ਕਲੱਬ ਵਜੋਂ ਵਰਤਿਆ ਜਾਂਦਾ ਸੀ)।

ਜਗ੍ਹਾ ਨੂੰ ਖਰੀਦਣ ਦੇ ਤਿੰਨ ਮੁੱਖ ਕਾਰਣ ਹਨ:

1. ਗੁਰਬਾਣੀ ਦੀ ਸੰਥਿਆ, ਕਥਾ, ਕੀਰਤਨ ਅਤੇ ਗਤਕਾ ਸਿਖਾਉਣ ਲਈ ਗੁਰਮਤਿ ਵਿਦਿਆਲਾ ਜਿੱਥੇ ਸਿਖਾਏ ਉਸਤਾਦ ਭਵਿੱਖ ਦੇ ਪਾਠੀ, ਗਿਆਨੀ, ਰਾਗੀ, ਗਤਕਾ ਸਿਖਾਰੀ ਤਿਆਰ ਕਰ ਸਕਣ ਅਤੇ ਸਾਡੇ ਬੱਚੇ ਪਵਿੱਤਰ ਗੁਰਮਤਿ ਵਿੱਦਿਆ ਧਾਰਨ ਕਰ ਸਕਣ। ਇਸ ਤੋਂ ਇਲਾਵਾ ਇੱਕ ਵਿਦਿਅਕ ਸੈਂਟਰ ਜਿੱਥੇ ਬੱਚਿਆਂ ਨੂੰ ਗੁਰਮੁਖੀ ਅਤੇ ਪੰਜਾਬੀ ਦੇ ਨਾਲ ਦੁਨਿਆਵੀ/ਸਕੂਲੀ ਵਿੱਦਿਆ ਵਿੱਚ ਮਦਦ ਲਈ ਖਾਸ ਪ੍ਰਬੰਧ ਹੋਵੇਗਾ।
2. ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੀ ਸੇਵਾ, ਪੋਥੀ ਸਾਹਿਬ ਅਤੇ ਗੁਟਕਾ ਸਾਹਿਬ ਦੀਆਂ ਸੇਵਾਵਾਂ ਗੁਰਬਾਣੀ ਦੇ ਸਤਿਕਾਰ ਨੂੰ ਕਾਇਮ ਰੱਖਣ ਲਈ ਕਰ ਸਕੀਏ।
3. ਸਮਾਜਕ ਭਾਈਚਾਰੇ ਲਈ ਆਧੁਨਿਕ ਖੇਡਾਂ ਦੀ ਸਹੂਲਤ ਲਈ ਸਪੋਰਟਸ ਅਕੈਡਮੀ ਜਿਸ ਵਿੱਚ, ਫੁੱਟਬਾਲ ਪਿੱਚ, ਜਿੰਮ, ਮਾਰਸ਼ਲ ਆਰਟਸ ਤੋਂ ਇਲਾਵਾ ਹੋਰ ਖੇਡਾਂ ਲਈ ਆਧੁਨਿਕ ਸਾਧਨ ਹੋਣਗੇ।

ਇਹ ਸੇਵਾਵਾਂ ਆਪ ਸਭ ਸੰਗਤ ਦੇ ਨਿਰੰਤਰ ਸਹਿਯੋਗ ਨਾਲ ਹੀ ਸਫਲ ਹੋ ਸਕਦੀਆਂ ਹਨ ਸਾਧ ਸੰਗਤ ਜੀ। ਅਸੀਂ ਤੁਹਾਡੇ ਚਰਨਾਂ ਵਿੱਚ ਬੇਨਤੀ ਕਰਦੇ ਹਾਂ ਕਿ ਕਿਰਪਾ ਕਰਕੇ ਇਹ ਸੇਵਾਵਾਂ ਵਿੱਚ ਆਪਣੀਆਂ ਕਿਰਤ ਕਮਾਈਆਂ ਵਿੱਚੋਂ ਵੱਧ ਤੋਂ ਵੱਧ ਹਿੱਸਾ ਪਾ ਕੇ ਆਪਣੇ ਬੱਚਿਆਂ ਦੇ ਚੰਗੇ ਭਵਿੱਖ ਲਈ ਪੂਰਾ ਸਹਿਯੋਗ ਦੇਵੋ ਤਾਂ ਜੋ ਇਹ ਜਗ੍ਹਾ ਖਰੀਦ ਸਕੀਏ। ਇਹ ਜਗ੍ਹਾ £650,000 ਦੀ ਹੈ ਆਪ ਜੀ ਦੇ ਸਹਿਯੋਗ ਨਾਲ ਇਹ ਸਭ ਕੁਝ ਹੋ ਸਕਦਾ ਹੈ। ਇੱਕ ਵਾਰ ਸੇਵਾ ਦੇਣੀ ਜਾਂ ਪੂਰੀ ਮਹੀਨਾਵਾਰ ਸਟੈਂਡਿੰਗ ਆਰਡਰ ਸਥਾਪਤ ਕਰਨਾ ਜਿਵੇਂ ਆਪਜੀ ਨੂੰ ਚੰਗਾ ਲੱਗੇ ਆਪ ਸਮੂਹ ਸਾਧ ਸੰਗਤ ਆਪਣਾ ਪੂਰਾ ਸਹਿਯੋਗ ਦੇ ਕੇ ਇਸ ਕਾਰਜ ਨੂੰ ਸਫਲ ਕਰੋ ਜੀ।

**ਆਪਣਾ ਯੋਗਦਾਨ ਹੇਠ ਲਿਖੇ ਬੈਂਕ ਅਕਾਉਂਟ ਵਿੱਚ ਭੇਜ ਸਕਦੇ ਹੋ ਜੀ:**

| NATWEST BANK | |
|---|---|
| ACCOUNT NAME | DAMDAMI TAKSAL UK |
| ACOUNT NUMBER | 66477778 |
| SORT CODE | 60-15-26 |

ਨੋਟ: ਕਿਰਪਾ ਕਰਕੇ ਆਪਣਾ ਪੂਰਾ ਨਾਮ ਬੈਂਕ ਟਰਾਂਸਫਰ ਦੀ ਰੈਫਰੰਸ ਵਜੋਂ ਜ਼ਰੂਰ ਲਿਖੋ ਜੀ। ਧੰਨਵਾਦ।



ਮੌਜੂਦਾ ਬਿਲਡਿੰਗ ਜੋ ਕਿ ਇੱਕ ਫੁੱਟਬਾਲ ਕਲੱਬ ਦੇ ਤੌਰ ਤੇ ਵਰਤੀ ਜਾ ਰਹੀ ਸੀ ਉਸਦਾ ਨਕਸ਼ਾ



ਜ਼ਮੀਨ ਦੀ ਹੱਦਬੰਦੀ (Scale 1: 1250)



ਸਮੁੱਚੀ ਜ਼ਮੀਨ ਦੀ ਹੱਦ ਅਤੇ ਨਿਸ਼ਾਨਦੇਹੀ

Stay Connected:
email: info@damdamitaksal.co.uk
DamdamiTaksalUKJathaBhindran

## ਜਾਰੀ ਕਰਤਾ ਦਮਦਮੀ ਟਕਸਾਲ ਯੂ.ਕੇ. ਅਤੇ ਯੂਰਪ

- ਗਿਆਨੀ ਸੋਹਣ ਸਿੰਘ ਜੀ
- ਗਿਆਨੀ ਗੁਰਜਿੰਦਰ ਸਿੰਘ ਜੀ
- ਗਿਆਨੀ ਸੁਖਰਾਜ ਸਿੰਘ ਜੀ
- ਗਿਆਨੀ ਗੁਰਜੰਟ ਸਿੰਘ ਜੀ
- ਗਿਆਨੀ ਸੁਖਬੀਰ ਸਿੰਘ ਜੀ

--: ਸੰਪਰਕ ਨੰਬਰ :--
07877017219,
07400830403
07856786642




# ਚਮਕੀਲਾ ਫ਼ਿਲਮ ਨੂੰ ਲੈ ਕੇ ਵਿਦੇਸ਼ੀ ਸਿੱਖਾਂ ਵਿੱਚ ਭਾਰੀ ਰੋਸ, ਆਪ ਆਗੂ ਦੇ ਅਸਤੀਫ਼ਾ ਦੀ ਮੰਗ

## ਫਿਲਮ 'ਚਮਕੀਲਾ' ਵਿੱਚ ਵੱਡੇ ਆਪ ਆਗੂ ਦੀ ਪਤਨੀ ਬਣੀ ਅਮਰਜੋਤ ਚਮਕੀਲਾ



**ਲੰਡਨ, 18 ਅਪ੍ਰੈਲ (ਸਰਬਜੀਤ ਸਿੰਘ ਬਨੂੜ)** - ਪੰਜਾਬੀ ਗਾਇਕ ਅਮਰ ਸਿੰਘ 'ਚਮਕੀਲਾ' ਫ਼ਿਲਮ ਨੂੰ ਲੈ ਕੇ ਵਿਦੇਸ਼ੀ ਸਿੱਖਾਂ ਵਿੱਚ ਭਾਰੀ ਰੋਸ ਤੇ ਆਪ ਦੇ ਪੰਜਾਬ ਤੋਂ ਮੈਂਬਰ ਦੀ ਸ਼ਮੂਲੀਅਤ ਹੋਣ ਤੇ ਅਸਤੀਫ਼ਾ ਦੀ ਮੰਗ ਕੀਤੀ ਗਈ ਹੈ। ਵਿਦੇਸ਼ੀ ਸਿੱਖਾਂ ਨੇ ਕਿਹਾ ਕਿ ਲੱਚਰ ਪੰਜਾਬੀ ਗਾਇਕ ਅਮਰ ਚਮਕੀਲਾ ਦੀ ਜੀਵਨੀ ਤੇ ਫ਼ਿਲਮ ਬਣਾ ਕੇ ਲੱਚਰਤਾ ਨੂੰ ਉਤਸ਼ਾਹ ਕਰਕੇ ਸਿੱਖਾਂ ਦੇ ਅੱਲ੍ਹੇ ਜ਼ਖ਼ਮਾਂ ਤੇ ਮੁੜ ਲੂਣ ਛਿੜਕਣ ਦਾ ਕੰਮ ਕੀਤਾ ਹੈ। ਵਿਦੇਸ਼ੀ ਸਿੱਖ ਜਥੇਬੰਦੀਆਂ ਵੱਲੋਂ 'ਅਮਰ ਸਿੰਘ ਚਮਕੀਲਾ' ਫ਼ਿਲਮ ਨੂੰ ਲੈ ਕੇ ਵੱਡਾ ਇਤਰਾਜ਼ ਕੀਤਾ ਗਿਆ ਸੀ ਅਤੇ ਨੈਟਫਿਲੈਕਸ ਤੋਂ ਉਤਾਰਨ ਲਈ ਉਸ ਦੇ ਚੈਅਰਮੈਂਨ ਨੂੰ ਈ ਮੇਲ ਕਰਕੇ ਫ਼ਿਲਮ ਨੂੰ ਉਤਾਰਨ ਲਈ ਲਿਖ ਕੇ ਇਤਰਾਜ਼ ਜਿਤਾਇਆ ਜਾ ਰਿਹਾ ਹੈ। ਇਸ ਫਿਲਮ ਵਿੱਚ ਮਸ਼ਹੂਰ ਗਾਇਕ ਤੇ ਐਕਟਰ ਦਲਜੀਤ ਦੁਸਾਂਝ ਅਤੇ ਪੰਜਾਬ ਤੋਂ ਸੱਤਾਧਾਰੀ ਪਾਰਟੀ ਦੇ ਮੈਬਰ ਦੀ ਸੁਪਤਨੀ ਪਰਿਣੀਤੀ ਚੋਪੜਾ ਨੇ ਚਮਕੀਲਾ ਦੀ ਪਤਨੀ ਅਮਰਜੋਤ ਦੀ ਮੁੱਖ ਭੂਮਿਕਾ ਵਿੱਚ ਕੰਮ ਕੀਤਾ ਹੈ। ਇਸ ਫਿਲਮ ਨੂੰ ਲੈ ਕੇ ਵਿਦੇਸ਼ੀ ਸਿੱਖਾਂ ਵੱਲੋਂ ਆਮ ਆਦਮੀ ਪਾਰਟੀ ਨੂੰ ਕਟਹਿਰੇ ਵਿੱਚ ਖੜਾ ਕਰਕੇ ਪੰਜਾਬ ਤੋਂ ਰਾਜ ਸਭਾ ਮੈਂਬਰ ਨੂੰ ਅਸਤੀਫ਼ਾ ਦੇਣ ਅਤੇ ਉਸ ਦਾ ਹਰ ਪੱਖ ਤੋਂ ਵਿਰੋਧ ਕਰਨ ਲਈ ਕਿਹਾ ਗਿਆ ਹੈ। ਜ਼ਿਕਰਯੋਗ ਹੈ ਕਿ ਚਮਕੀਲਾ ਅਤੇ ਉਸਦੀ ਪਤਨੀ ਅਮਰਜੋਤ ਨੂੰ 8 ਮਾਰਚ 1988 ਨੂੰ ਉਹਨਾਂ ਦੇ ਬੈਂਡ ਦੇ ਦੋ ਮੈਂਬਰਾਂ ਸਮੇਤ ਪਿੰਡ ਮਹਿਸਮਪੁਰ ਜਿਲਾ ਜਲੰਧਰ ਵਿੱਚ ਮਾਰ ਦਿੱਤਾ ਗਿਆ ਸੀ ਤੇ ਉਸ ਦੇ ਮੁੰਡੇ ਵੱਲੋਂ ਅਜੇ ਤੱਕ ਇਸ ਨੂੰ ਅਣਸੁਲਝਿਆ ਦੱਸਿਆ ਜਾ ਰਿਹਾ ਹੈ ਜਦੋਂ ਕਿ ਖਾੜਕੂ ਜਥੇਬੰਦੀਆਂ ਨੇ ਇਸ ਨੂੰ ਮਾਰਨ ਦੀ ਜਿੰਮੇਵਾਰੀ ਲਈ ਸੀ।

ਆਵਾਜ਼ਿ ਕੌਮ AWAZE QAUM International Newspaper & WEB TV






# ਠੇਕੇਦਾਰ, ਟਿੱਕਾ ਅਤੇ ਰੰਧਾਵਾ ਨੇ ਦੀ ਅਗਵਾਈ 'ਚ ਹਲਕਾ ਦੱਖਣੀ ਵਿੱਚੋਂ ਅਨੇਕਾਂ ਲੋਕ ਭਾਜਪਾ 'ਚ ਹੋਏ ਸ਼ਾਮਿਲ

## ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਸਰਦਾਰ ਤਰਨਜੀਤ ਸਿੰਘ ਸੰਧੂ ਭਾਰੀ ਵੋਟਾਂ ਨਾਲ ਜਿੱਤਣਗੇ



**ਅੰਮ੍ਰਿਤਸਰ 18 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਲੋਕ ਸਭਾ ਹਲਕੇ ਤੋਂ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਅਤੇ ਅਮਰੀਕਾ 'ਚ ਭਾਰਤ ਦੇ ਸਾਬਕਾ ਰਾਜਦੂਤ ਤਰਨਜੀਤ ਸਿੰਘ ਸੰਧੂ ਸਮੁੰਦਰੀ ਦਾ ਚੋਣ ਕਾਫ਼ਲਾ ਦਿਨੋਂ ਦਿਨ ਵੱਧ ਰਿਹਾ ਹੈ।

ਹਲਕਾ ਦੱਖਣੀ ਵਿੱਚ ਦੇਸ਼ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਜੀ ਦੀਆਂ ਦੇਸ਼ ਪ੍ਰਤੀ ਨੀਤੀਆਂ ਨੂੰ ਦੇਖ ਕੇ ਸੈਂਕੜੇ ਪਰਿਵਾਰ ਵਾਰਡ ਨੰਬਰ 50 ਨੂਰੀ ਮਹਲਾ ਭਗਤਾਂ ਵਾਲੇ ਤੋਂ ਸ਼੍ਰੋਮਣੀ ਅਕਾਲੀ ਦਲ ਤੇ ਆਪ ਛੱਡ ਕੇ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਿਲ ਹੋਏ੍ ਇਸ ਮੌਕੇ ਤੇ ਸਰਦਾਰ ਹਰਜਿੰਦਰ ਸਿੰਘ ਠੇਕੇਦਾਰ, ਗੁਰ ਪ੍ਰਤਾਪ ਸਿੰਘ ਟਿੱਕਾ, ਅਜੇ ਬੀਰਪਾਲ ਸਿੰਘ ਰੰਧਾਵਾ ਨੇ ਇਹਨਾਂ ਪਰਿਵਾਰਾਂ ਨੂੰ ਜੀ ਆਇਆ ਆਖਦਿਆਂ ਕਿਹਾ ਕਿ ਹਲਕਾ ਦੱਖਣੀ ਵਿੱਚੋਂ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਸਰਦਾਰ ਤਰਨਜੀਤ ਸਿੰਘ ਸੰਧੂ ਭਾਰੀ ਵੋਟਾਂ ਨਾਲ ਜਿੱਤਣਗੇ੍ ਇਸ ਮੌਕੇ ਤੇ ਮੰਡਲ ਪ੍ਰਧਾਨ ਗੁਰਪ੍ਰੀਤ ਸਿੰਘ ਰਾਜਾ, ਮਨੋਹਰ ਸਿੰਘ, ਬਲਕਾਰ ਸਿੰਘ, ਨਰਿੰਦਰ ਸਿੰਘ, ਕਸ਼ਮੀਰ ਸਿੰਘ, ਕਰਤਾਰ ਸਿੰਘ, ਮੁਸ਼ਤਾਕ ਪਹਿਲਵਾਨ, ਸਾਦਕ ਕੁਮਾਰ, ਅਮਿਤ ਕੁਮਾਰ, ਅੰਗਤ ਸਿੰਘ, ਸ਼ਾਖਾ ਕੁਮਾਰ, ਰਜਿੰਦਰ ਕੁਮਾਰ, ਦਵਿੰਦਰ ਕੁਮਾਰ, ਰਜੇਸ਼ ਕੁਮਾਰ, ਰਹਿਮਾਨ ਕੁਮਾਰ, ਰਵੀ ਕੁਮਾਰ, ਸੰਜੀਵ ਕੁਮਾਰ, ਅਕਸ਼ੇ ਕੁਮਾਰ, ਲਾਠੀ ਕੁਮਾਰ, ਵਿਨੇ ਕੁਮਾਰ, ਰਮੇਸ਼ ਕੁਮਾਰ, ਬਬਲੂ ਕੁਮਾਰ, ਓਮ ਪ੍ਰਕਾਸ਼, ਸਰਵਣ ਕੁਮਾਰ ਦੀਪਕ ਕੁਮਾਰ, ਜੱਗਾ ਭਲਵਾਨ, ਮਨੀਸ਼ ਕੁਮਾਰ, ਬੀਬੀ ਰਾਧਾ ਬੀਬੀ ਭੋਲੀ ਬੀਬੀ ਕਾਨਤਾ ਬੀਬੀ ਸ਼ਸ਼ੀ ਬੀਬੀ ਸਵਰਨੀ ਬੀਬੀ ਨੈਨਾ, ਬੀਬੀ ਜੀਤ ਕੌਰ ਬੀਬੀ ਮੀਨਾਕੁਮਾਰੀ, ਬੀਬੀ ਸੁਮਨ ਬੀਬੀ ਗੰਗਾ ਬੀਬੀ ਹਰਜੋਤ ਕੌਰ ਸਮੇਤ ਸੈਂਕੜੇ ਪਰਿਵਾਰਾਂ ਨੇ ਭਾਜਪਾ ਵਿੱਚ ਸ਼ਮੂਲੀਅਤ ਕੀਤੀ੍

ਆਗੂਆਂ ਨੇ ਕਿਹਾ ਕਿ ਪੰਜਾਬ ਦੇ ਲੋਕ ਪੰਜਾਬ ਨੂੰ ਦਰਪੇਸ਼ ਮਸਲਿਆਂ ਦਾ ਹੱਲ ਕੱਢਣਾ ਲੋਚਦੇ ਹਨ। ਕੁਝ ਸਿਆਸੀ ਪਾਰਟੀਆਂ ਜਿਨਾਂ 'ਚ ਸ਼੍ਰੋਮਣੀ ਅਕਾਲੀ ਦਲ, ਆਮ ਆਦਮੀ ਪਾਰਟੀ ਅਤੇ ਕਾਂਗਰਸ, ਇਨ੍ਹਾਂ ਲੋਕ ਮੁੱਦਿਆਂ 'ਤੇ ਗੱਲ ਕਰਨ ਲਈ ਤਿਆਰ ਨਹੀਂ ਹਨ। ਕਿਉਂਕਿ ਉਨ੍ਹਾਂ ਕੋਲ ਅਜਿਹੀ ਨਾ ਕੋਈ ਤਾਕਤ, ਸਾਧਨ, ਸਮਰੱਥਾ ਤੇ ਦ੍ਰਿੜ ਸਿਆਸੀ ਇੱਛਾ ਸ਼ਕਤੀ ਹੈ ਹੀ ਨਹੀਂ, ਜਿਸ ਨਾਲ ਉਹ ਇਨ੍ਹਾਂ ਮੁੱਦਿਆਂ ਨੂੰ ਹੱਲ ਕਰ ਸਕਣ। ਇਹ ਪਾਰਟੀਆਂ ਆਪਣੀਆਂ ਦੁਕਾਨਦਾਰੀਆਂ ਬੰਦ ਹੋਣ ਦੇ ਡਰੋਂ ਪੰਜਾਬ ਵਿੱਚ ਇੰਡਸਟਰੀ ਲਿਆਉਣ, ਤਸਕਰੀ ਰੋਕਣ, ਸੁਰੱਖਿਆ ਦੇਣ, ਨੌਜਵਾਨਾਂ ਦਾ ਵਿਦੇਸ਼ਾਂ ਵਲ ਪਰਵਾਸ ਰੋਕਣ, ਪੰਜਾਬ ਦੇ ਸਭਿਆਚਾਰ ਨੂੰ ਬਚਾਉਣ, ਕਿਸਾਨਾਂ ਦੀਆਂ ਸਮੱਸਿਆਵਾਂ ਹੱਲ ਕਰਨਾ ਦਾ ਵਾਅਦੇ ਤੇ ਦਾਅਵੇ ਕਰ ਰਹੀਆਂ ਹਨ।

ਆਵਾਜ਼ਿ ਕੌਮ AWAZE QAUM International Newspaper & WEB TV


ਪੰਥਕ ਸਬਦ ਸਚੀ ਟਕਸਾਲ ॥
ਦਮਦਮੀ ਟਕਸਾਲ
ਨਾਮ ਜਪੋ
ਕਿਰਤ ਕਰੋ
ਵੰਡ ਛੱਕੋ
Naam Japo
Kirat Karo
Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ





ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।





✤ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446



ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote

# ਅੰਤਿਮ ਸੰਸਕਾਰ 24 ਅਪ੍ਰੈਲ, 12.00 ਵਜੇ

**ਗੁਰਮੁਖਿ ਜਨਮੁ ਸਵਾਰਿ ਦਰਗਹ ਚਲਿਆ।**
**ਸਚੀ ਦਰਗਹ ਜਾਇ ਸਚਾ ਪਿੜ ਮਲਿਆ।**



## ਗਿਆਨੀ ਪ੍ਰੀਤਮ ਸਿੰਘ ਜੀ ਲਿਖਾਰੀ
## Giani Pritam Singh Ji Likhari

**ਦਮਦਮੀ ਟਕਸਾਲ ਜਥਾ ਭਿੰਡਰਾਂ**
Damdami Taksal Jatha Bhindran

(1934 - 15/04/2024)

### Funeral Service - Wednesday 24th April 2024

9:15am **ਅੰਤਿਮ ਦਰਸ਼ਨ**
*Arrival of Cortege at*
Sri Guru Singh Sabha Southall, Guru Nanak Road, UB2 4NP

11:15am **ਅੰਤਿਮ ਯਾਤਰਾ**
*Departure of Cortege*

12:00pm **ਅੰਤਿਮ ਸੰਸਕਾਰ**
Antim Sanskaar
South West Middlesex Crematorium, Hounslow Road, TW13 5JH

2:00pm **ਅਲਾਹਣੀਆ ਦਾ ਪਾਠ, ਸ੍ਰੀ ਸਹਿਜ ਪਾਠ ਭੋਗ, ਅਰਦਾਸ**
*Alahniya Da Paath, Sri Sehaj Paath Bhog, Ardas*
Sri Guru Singh Sabha Southall, Guru Nanak Road, UB2 4NP

Live stream on YouTube.com/DGNSounds




# ਸੰਤ ਭਿੰਡਰਾਂਵਾਲਿਆਂ ਦਾ ਜਨਮ ਦਿਹਾੜਾ

# ਪਿੰਡ ਰੋਡੇ

## ਵਿਖੇ ਉਨ੍ਹਾਂ ਦੇ ਜਨਮ ਅਸਥਾਨ 'ਤੇ 2 ਜੂਨ ਨੂੰ ਮਨਾਇਆ ਜਾਵੇਗਾ

# ਇੰਟਰਨੈਸ਼ਨਲ ਪੰਥਕ ਦਲ ਦੇ ਸਾਰੇ ਅਹੁਦੇਦਾਰਾਂ ਅਤੇ ਵਰਕਰਾਂ ਨੂੰ ਬੇਨਤੀ



**ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ**

ਇੰਟਰਨੈਸ਼ਨਲ ਪੰਥਕ ਦਲ ਦੇ ਸਾਰੇ ਅਹੁਦੇਦਾਰਾਂ ਅਤੇ ਵਰਕਰਾਂ ਨੂੰ ਬੇਨਤੀ ਹੈ ਕਿ ਜਥੇਬੰਦੀ ਦੀ ਮੀਟਿੰਗ ਵੀਹਵੀਂ ਸਦੀ ਦੇ ਮਹਾਨ ਸਿੱਖ ਜਰਨੈਲ ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਭਤੀਜੇ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਰਪ੍ਰਸਤ ਅਤੇ ਸ੍ਰੀ ਅਕਾਲ ਤਖਤ ਸਾਹਿਬ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ ਜੀ ਦੀ ਪ੍ਰਧਾਨਗੀ ਹੇਠ ਮਿਤੀ 20-04-2024 ਦਿਨ ਸਨੀਵਾਰ ਨੂੰ ਬਾਅਦ ਦੁਪਹਿਰ ਇੱਕ ਵਜੇ ਗੁਰਦੁਆਰਾ ਸੰਤ ਖਾਲਸਾ ਪਿੰਡ ਰੋਡੇ ਵਿਖੇ ਹੋ ਰਹੀ ਹੈ ਜਿਸ ਵਿੱਚ ਜਥੇਬੰਦੀ ਦੇ ਆਗੂਆਂ ਅਤੇ ਵਰਕਰਾਂ ਦਾ ਪਹੁੰਚਣਾ ਬਹੁਤ ਜਰੂਰੀ ਹੈ ਕਿਉਂਕਿ ਇਸ ਮੀਟਿੰਗ ਵਿੱਚ ਕੁੱਝ ਨਵੇਂ ਮੈਂਬਰਾਂ ਦੀ ਜੁਆਇਨਗ ਅਤੇ ਪੁਰਾਣੇ ਅਹੁਦੇਦਾਰਾਂ ਦੀ ਰੱਦੋਬਦਲ ਵੀ ਕੀਤੀ ਜਾ ਸਕਦੀ ਹੈ ਅਤੇ ਲੋਕ ਸਭਾ ਚੋਣਾਂ ਲਈ ਵੀ ਵਿਚਾਰ ਵਟਾਂਦਰਾ ਕੀਤਾ ਜਾਣਾ ਹੈ।

--★ ਬੇਨਤੀ ਕਰਤਾ ★--

## ਜਥੇਦਾਰ ਹਰਚੰਦ ਸਿੰਘ ਚਕਰ

ਪੰਜਾਬ ਪ੍ਰਧਾਨ

ਇੰਟਰਨੈਸ਼ਨਲ ਪੰਥਕ ਦਲ

ਸੰਪਰਕ : 98727 25438



ਆਵਾਜ਼ਿ ਕੌਮ AWAZE QAUM International Newspaper & WEB TV

# ਸੰਮਤ ੫੫੬ ਨਾਨਕਸ਼ਾਹੀ ਕੈਲੰਡਰ



ਸ੍ਰੀ ਅਕਾਲ ਤਖ਼ਤ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ



ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ



ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ



ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ (ਬਠਿੰਡਾ)



ਤਖ਼ਤ ਸ੍ਰੀ ਹਜ਼ੂਰ ਸਾਹਿਬ ਅਬਿਚਲ ਨਗਰ (ਨੰਦੇੜ)



ਸਰਬੱਤ ਸਿੱਖ ਸਾਹਿਬ ਭਾਈ ਜਸਬੀਰ ਸਿੰਘ ਜੀ ਰੋਡੇ ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ

## (ਸੰਨ 2024-25)

**ਚੇਤ** (ਮਾਰਚ-24 – ਅਪ੍ਰੈਲ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | | ੧ | ੨ | ੩ |
| ੪ | ੫ | ੬ | ੭ | ੮ | ੯ | ੧੦ |
| ੧੧ | ੧੨ | ੧੩ | ੧੪ | ੧੫ | ੧੬ | ੧੭ |
| ੧੮ | ੧੯ | ੨੦ | ੨੧ | ੨੨ | ੨੩ | ੨੪ |
| ੨੫ | ੨੬ | ੨੭ | ੨੮ | ੨੯ | ੩੦ | |

**ਵੈਸਾਖ** (ਅਪ੍ਰੈਲ-24 – ਮਈ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੩੦ | ੩੧ | | | | | ੧ |
| ੨ | ੩ | ੪ | ੫ | ੬ | ੭ | ੮ |
| ੯ | ੧੦ | ੧੧ | ੧੨ | ੧੩ | ੧੪ | ੧੫ |
| ੧੬ | ੧੭ | ੧੮ | ੧੯ | ੨੦ | ੨੧ | ੨੨ |
| ੨੩ | ੨੪ | ੨੫ | ੨੬ | ੨੭ | ੨੮ | ੨੯ |

**ਜੇਠ** (ਮਈ-24 – ਜੂਨ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | ੧ | ੨ | ੩ | ੪ | ੫ |
| ੬ | ੭ | ੮ | ੯ | ੧੦ | ੧੧ | ੧੨ |
| ੧੩ | ੧੪ | ੧੫ | ੧੬ | ੧੭ | ੧੮ | ੧੯ |
| ੨੦ | ੨੧ | ੨੨ | ੨੩ | ੨੪ | ੨੫ | ੨੬ |
| ੨੭ | ੨੮ | ੨੯ | ੩੦ | ੩੧ | | |

**ਹਾੜ** (ਜੂਨ-24 – ਜੁਲਾਈ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੩੧ | 32 | | | | ੧ | ੨ |
| ੩ | ੪ | ੫ | ੬ | ੭ | ੮ | ੯ |
| ੧੦ | ੧੧ | ੧੨ | ੧੩ | ੧੪ | ੧੫ | ੧੬ |
| ੧੭ | ੧੮ | ੧੯ | ੨੦ | ੨੧ | ੨੨ | ੨੩ |
| ੨੪ | ੨੫ | ੨੬ | ੨੭ | ੨੮ | ੨੯ | ੩੦ |

**ਸਾਵਣ** (ਜੁਲਾਈ-24 – ਅਗਸਤ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | ੧ | ੨ | ੩ | ੪ | ੫ |
| ੬ | ੭ | ੮ | ੯ | ੧੦ | ੧੧ | ੧੨ |
| ੧੩ | ੧੪ | ੧੫ | ੧੬ | ੧੭ | ੧੮ | ੧੯ |
| ੨੦ | ੨੧ | ੨੨ | ੨੩ | ੨੪ | ੨੫ | ੨੬ |
| ੨੭ | ੨੮ | ੨੯ | ੩੦ | ੩੧ | | |

**ਭਾਦੋਂ** (ਅਗਸਤ-24 – ਸਤੰਬਰ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੩੧ | | | | | ੧ | ੨ |
| ੩ | ੪ | ੫ | ੬ | ੭ | ੮ | ੯ |
| ੧੦ | ੧੧ | ੧੨ | ੧੩ | ੧੪ | ੧੫ | ੧੬ |
| ੧੭ | ੧੮ | ੧੯ | ੨੦ | ੨੧ | ੨੨ | ੨੩ |
| ੨੪ | ੨੫ | ੨੬ | ੨੭ | ੨੮ | ੨੯ | ੩੦ |

**ਅੱਸੂ** (ਸਤੰਬਰ-24 – ਅਕਤੂਬਰ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | ੧ | ੨ | ੩ | ੪ | ੫ | ੬ |
| ੭ | ੮ | ੯ | ੧੦ | ੧੧ | ੧੨ | ੧੩ |
| ੧੪ | ੧੫ | ੧੬ | ੧੭ | ੧੮ | ੧੯ | ੨੦ |
| ੨੧ | ੨੨ | ੨੩ | ੨੪ | ੨੫ | ੨੬ | ੨੭ |
| ੨੮ | ੨੯ | ੩੦ | ੩੧ | | | |

**ਕੱਤਕ** (ਅਕਤੂਬਰ-24 – ਨਵੰਬਰ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | | ੧ | ੨ | ੩ |
| ੪ | ੫ | ੬ | ੭ | ੮ | ੯ | ੧੦ |
| ੧੧ | ੧੨ | ੧੩ | ੧੪ | ੧੫ | ੧੬ | ੧੭ |
| ੧੮ | ੧੯ | ੨੦ | ੨੧ | ੨੨ | ੨੩ | ੨੪ |
| ੨੫ | ੨੬ | ੨੭ | ੨੮ | ੨੯ | ੩੦ | |

**ਮੱਘਰ** (ਨਵੰਬਰ-24 – ਦਸੰਬਰ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | | | | ੧ |
| ੨ | ੩ | ੪ | ੫ | ੬ | ੭ | ੮ |
| ੯ | ੧੦ | ੧੧ | ੧੨ | ੧੩ | ੧੪ | ੧੫ |
| ੧੬ | ੧੭ | ੧੮ | ੧੯ | ੨੦ | ੨੧ | ੨੨ |
| ੨੩ | ੨੪ | ੨੫ | ੨੬ | ੨੭ | ੨੮ | ੨੯ |

**ਪੋਹ** (ਦਸੰਬਰ-24 – ਜਨਵਰੀ-25)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੧ | ੨ | ੩ | ੪ | ੫ | ੬ | ੭ |
| ੮ | ੯ | ੧੦ | ੧੧ | ੧੨ | ੧੩ | ੧੪ |
| ੧੫ | ੧੬ | ੧੭ | ੧੮ | ੧੯ | ੨੦ | ੨੧ |
| ੨੨ | ੨੩ | ੨੪ | ੨੫ | ੨੬ | ੨੭ | ੨੮ |
| ੨੯ | ੩੦ | | | | | |

**ਮਾਘ** (ਜਨਵਰੀ-25 – ਫਰਵਰੀ-25)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | ੧ | ੨ | ੩ | ੪ | ੫ |
| ੬ | ੭ | ੮ | ੯ | ੧੦ | ੧੧ | ੧੨ |
| ੧੩ | ੧੪ | ੧੫ | ੧੬ | ੧੭ | ੧੮ | ੧੯ |
| ੨੦ | ੨੧ | ੨੨ | ੨੩ | ੨੪ | ੨੫ | ੨੬ |
| ੨੭ | ੨੮ | ੨੯ | | | | |

**ਫੱਗਣ** (ਫਰਵਰੀ-25 – ਮਾਰਚ-25)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | ੧ | ੨ | ੩ | ੪ |
| ੫ | ੬ | ੭ | ੮ | ੯ | ੧੦ | ੧੧ |
| ੧੨ | ੧੩ | ੧੪ | ੧੫ | ੧੬ | ੧੭ | ੧੮ |
| ੧੯ | ੨੦ | ੨੧ | ੨੨ | ੨੩ | ੨੪ | ੨੫ |
| ੨੬ | ੨੭ | ੨੮ | ੨੯ | ੩੦ | | |

ਸੰਗਰਾਂਦ | ਮੱਸਿਆ | ਪੂਰਨਮਾਸ਼ੀ

### ਗੁਰਪੁਰਬ | ਇਤਿਹਾਸਕ ਦਿਹਾੜੇ | ਸ਼ਹੀਦੀ ਪੁਰਬ | ਭਗਤ ਸਾਹਿਬਾਨ ਦੇ ਦਿਹਾੜੇ

[illegible]

## ਪ੍ਰਕਾਸ਼ਕ: ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ.ਕੇ.

ਸੰਪਰਕ : +44 78139 53484, +44 75392 43163, +44 7976210161, +91 94788 97960 E-Mail : nsycuk1469@gmail.com, Web : www.nsycuk.com


ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਖ਼ਾਲਸਾ ਮੇਰੋ ਰੂਪ ਹੈ ਖ਼ਾਸ ॥
ਖ਼ਾਲਸੇ ਮਹਿ ਹੌ ਕਰੌ ਨਿਵਾਸ ॥

# ਗੁਰੂ ਨਾਨਕ ਗੁਰਦਵਾਰਾ ਕਲਚਰਲ ਐਂਡ ਰੀਕਰੈਸ਼ਨਲ ਸੈਂਟਰ, ਪ੍ਰੈਸਿਟਨ

## Guru Nanak Gurdwara Cultural & Recreational Centre



ਵੱਲੋਂ ਖ਼ਾਲਸਾ ਸਾਜਨਾ ਦਿਵਸ ਨੂੰ ਸਮਰਪਿਤ

# ਧਾਰਮਿਕ ਸਮਾਗਮ

## 21 ਅਪ੍ਰੈਲ ਦਿਨ ਐਤਵਾਰ

### ★ ਪ੍ਰੋਗਰਾਮ ★

**21 ਅਪ੍ਰੈਲ ਸਵੇਰੇ 11ਵਜੇ ਸੁਖਮਨੀ ਸਾਹਿਬ ਜੀ ਦੇ ਪਾਠ ਹੋਣਗੇ।**

ਉਪਰੰਤ ਭਾਈ ਇੰਦਰਜੀਤ ਸਿੰਘ ਬੰਬੇ ਵਾਲੇ ਜਥਾ ਸਾਬਕਾ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਅਤੇ ਢਾਡੀ ਜਥਾ ਭਾਈ ਰਸਾਲ ਸਿੰਘ ਜੀ ਵੱਲੋਂ ਸੰਗਤਾਂ ਨੂੰ ਗੁਰੂ ਚਰਨਾਂ ਨਾਲ਼ ਜੋੜ ਸਿੱਖ ਇਤਿਹਾਸ ਦੀਆਂ ਵਾਰਾਂ ਨਾਲ਼ ਅਤੇ ਰਸ ਭਿੰਨੇ ਕੀਰਤਨ ਨਾਲ਼ ਨਿਹਾਲ ਕੀਤਾ ਜਾਵੇਗਾ।

ਉੱਘੀਆਂ ਪੰਥਕ ਸ਼ਖਸ਼ੀਅਤਾਂ ਵੀ ਇਸ ਸਮਾਗਮ ਆਪਣੇ ਵਿਚਾਰਾਂ ਨਾਲ਼ ਹਾਜ਼ਰੀ ਭਰਨਗੀਆ।

### ★ ਪ੍ਰਬੰਧਕ ਕਮੇਟੀ ★



ਭਾਈ ਭਾਗ ਸਿੰਘ (ਪ੍ਰਧਾਨ), ਭਾਈ ਸਰਬਜੀਤ ਸਿੰਘ ਦਿਓਲ (ਮੀਤ ਪ੍ਰਧਾਨ), ਭਾਈ ਲਖਬੀਰ ਸਿੰਘ ਰਾਏ (ਜਨਰਲ ਸਕੱਤਰ), ਭਾਈ ਲਖਬੀਰ ਸਿੰਘ ਰੰਧਾਵਾ (ਮੀਤ ਸਕੱਤਰ), ਭਾਈ ਗੁਰਮੇਲ ਸਿੰਘ (ਸਟੇਜ ਸਕੱਤਰ), ਭਾਈ ਅਮਰੀਕ ਸਿੰਘ (ਖਜਾਨਚੀ), ਬੀਬੀ ਬਲਵਿੰਦਰ ਕੌਰ ਸੰਧਰ (ਜਥੇਦਾਰਨੀ), ਭਾਈ ਬਲਦੇਵ ਸਿੰਘ (ਹੈਲਥ ਮਨਿਸਟਰ), ਭਾਈ ਜਸਵੀਰ ਸਿੰਘ (ਮੀਤ ਖਜਾਨਚੀ), ਭਾਈ ਅਵਤਾਰ ਸਿੰਘ ਮੱਲ੍ਹੀ (ਬਿਲਡਿੰਗ ਮੈਨਟੀਨੈਂਸ), ਸਰਦਾਰ ਮਹਿੰਦਰ ਸਿੰਘ ਉੱਪਲ।

ਸਮੂਹ ਗੁਰਦੁਆਰਾ ਸਾਹਿਬਾਨ, ਪੰਥਕ ਜਥੇਬੰਦੀਆਂ ਦੇ ਆਗੂਆਂ ਅਤੇ ਇਲਾਕਾ ਨਿਵਾਸੀਆਂ ਨੂੰ ਬੇਨਤੀ ਕਰਦੇ ਹਾਂ ਕਿ ਸਮੇਂ ਸਿਰ ਪਹੁੰਚ ਕੇ ਗੁਰਬਾਣੀ, ਸਿੱਖ ਇਤਿਹਾਸ ਸਰਵਣ ਕਰਕੇ ਲਾਹਾ ਪ੍ਰਾਪਤ ਕਰੋ ਜੀ।

**ਬੇਨਤੀ ਕਰਤਾ : ਪ੍ਰਬੰਧਕ ਕਮੇਟੀ ਗੁਰੂ ਨਾਨਕ ਗੁਰਦਵਾਰਾ ਕਲਚਰਲ ਐਂਡ ਰੀਕਰੈਸ਼ਨਲ ਸੈਂਟਰ, ਪ੍ਰੈਸਿਟਨ ਅਤੇ ਸਮੂਹ ਸਾਧ ਸੰਗਤ**

**2-20 Tunbridge Street, Preston, Lancashire PR1 5YP**
**Contact : 01772-798 395/07958 683 500**

ਸਾਰੇ ਪ੍ਰੋਗਰਾਮ ਦਾ ਲਾਈਵ ਪ੍ਰਸਾਰਣ ਆਵਾਜ਼ਿ ਕੌਮ AWAZE QAUM WEB TV 'ਤੇ ਦੇਖਿਆ ਜਾ ਸਕਦਾ ਹੈ।


ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ
ਦੇ ਜਨਮ ਦਿਨ ਤੇ
ਆਵਾਜ਼ਿ ਕੌਮ
AWAZE QAUM
International Newspaper & WEB TV
2 ਜੂਨ ਨੂੰ ਰੋਡੇ ਪੁੱਜੋ
ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੀ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ
ਮੈਂਬਰ ਸ਼੍ਰੋਮਣੀ ਕਮੇਟੀ ਸ੍ਰੀ ਅੰਮ੍ਰਿਤਸਰ ਅਤੇ
ਮੁੱਖ ਬੁਲਾਰੇ ਇੰਟਰਨੈਸ਼ਨਲ ਪੰਥਕ ਦਲ




# ਸੰਤ ਭਿੰਡਰਾਂਵਾਲਿਆਂ ਦਾ ਜਨਮ ਦਿਹਾੜਾ ਪਿੰਡ ਰੋਡੇ ਵਿਖੇ ਉਨ੍ਹਾਂ ਦੇ ਜਨਮ ਅਸਥਾਨ 'ਤੇ 2 ਜੂਨ ਨੂੰ ਮਨਾਇਆ ਜਾਵੇਗਾ

ਇਸ ਸਬੰਧੀ ਅਤੇ ਹੋਰ ਪੰਥਕ ਵਿਚਾਰਾਂ ਕਰਨ ਲਈ ਇੰਟਰਨੈਸ਼ਨਲ ਪੰਥਕ ਦਲ ਦੇ ਸਮੂਹ ਅਹੁਦੇਦਾਰਾਂ ਦੀ ਵਿਸ਼ੇਸ਼ ਮੀਟਿੰਗ 20 ਅਪ੍ਰੈਲ ਦਿਨ ਸ਼ਨਿੱਚਰਵਾਰ ਨੂੰ ਗੁਰਦੁਆਰਾ ਸੰਤ ਖਾਲਸਾ ਰੋਡੇ ਵਿਖੇ 1.00 ਵਜੇ ਬੁਲਾਈ ਗਈ ਹੈ।



--✶ ਬੇਨਤੀ ਕਰਤਾ ✶--

**ਸੰਤ ਬਾਬਾ ਚਰਨਜੀਤ ਸਿੰਘ ਜੀ ਜੱਸੋਵਾਲ**

ਦਮਦਮੀ ਟਕਸਾਲ ਭਿੰਡਰਾਂਵਾਲੇ

ਮੈਂਬਰ ਸ਼੍ਰੋਮਣੀ ਕਮੇਟੀ, ਸ੍ਰੀ ਅੰਮ੍ਰਿਤਸਰ ਅਤੇ ਮੁੱਖ ਬੁਲਾਰੇ ਇੰਟਰਨੈਸ਼ਨਲ ਪੰਥਕ ਦਲ


THE GURBANI SCHOOL
THE GURBANI SCHOOL
ਗੁਰਬਾਣੀ ਦਾ ਸ਼ੁੱਧ ਉਚਾਰਣ ਸਿੱਖਣ ਲਈ
ਗੁਰਬਾਣੀ ਸਕੂਲ ਡਾਊਨਲੋਡ ਕਰੋ।
LEARN THE CORRECT PRONUNCIATION OF GURBANI IN THE CONVENIENCE OF YOUR OWN HOME
GET IT ON Google Play
Download on the App Store
12:47
THE GURBANI SCHOOL
Read Gurbani
Language & Preferences
About us
Feedback
Share app
ਆਵਾਜ਼ਿ ਕੌਮ AWAZE QAUM
International Newspaper & WEB TV
INTERACTIVE LEARNING
ਕਲਿੱਕ ਕਰੋ ਅਤੇ ਸਹੀ ਉਚਾਰਣ ਸੁਣੋ
CLICK & LISTEN TO THE CORRECT PRONUNCIATION
8
EIGHT PRAYERS AVAILABLE
ਅੱਠ ਬਾਣੀਆਂ ਸਿੱਖਣ ਲਈ ਉਪਲਬਧ ਹਨ
EIGHT DAILY PRAYERS AVAILABLE TO LEARN
AUTO SCROLL GURBANI PLAYER
ਨਾਲ ਨਾਲ ਪੜ੍ਹੋ ਅਤੇ ਉਚਾਰਣ ਸੁਧਾਰੋ
READ ALONG & IMPROVE THE PRONUNCIATION
MULTILINGUAL
ਨਿੱਤਨੇਮ ਪੰਜਾਬੀ, ਹਿੰਦੀ ਅਤੇ ਅੰਗਰੇਜ਼ੀ ਵਿੱਚ ਉਪਲਬਧ ਹੈ।
NITNEM IS AVAILABLE IN PUNJABI, HINDI & ENGLISH

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)




# ਮਹਾਨ ਗੁਰਮਤਿ ਸਮਾਗਮ

ਜਨਮ ਦਿਹਾੜਾ ਸ਼੍ਰੋਮਣੀ ਭਗਤ ਧੰਨਾ ਜੱਟ ਧੂਆ ਕਲਾਂ ਜ਼ਿਲ੍ਹਾ ਟਾਂਕ ਰਾਜਸਥਾਨ ਅਤੇ ਜਨਮ ਦਿਹਾੜਾ ਸ਼ਹੀਦ ਭਾਈ ਮਨੀ ਸਿੰਘ ਪਟਿਆਲਾ ਜੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ



**ਸ਼ਨੀਵਾਰ 20 ਅਪ੍ਰੈਲ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ**

ਐਤਵਾਰ 21 ਅਪ੍ਰੈਲ 6:30 ਵਜੇ ਸਵੇਰੇ ਚਪੈਹਿਰੇ ਦੇ ਪਾਠਾਂ ਦੀ ਅਰੰਭਤਾ ਹੋਵੇਗੀ 9: 30 ਵਜੇ ਭੋਗ ਪੈਣਗੇ।ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।

ਹਜ਼ੂਰੀ ਰਾਗੀ ਭਾਈ ਗੁਰਪ੍ਰਤਾਪ ਸਿੰਘ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਵਾਲੇ ਕੀਰਤਨ ਰਾਹੀਂ ਗੁਰਬਾਣੀ ਕੀਰਤਨ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

☛ ਸਟਾਲ ਵੀ ਲੱਗਣਗੇ
☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ। ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778


ਪ੍ਰਣਾਮ ਸ਼ਹੀਦਾਂ ਨੂੰ
ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ
ਸੁਭ ਕਰਮਨ ਤੇ ਕਬਹੂੰ ਨ ਟਰੋਂ
ਸਿੱਖ ਕੌਮ ਦੀ ਚੜ੍ਹਦੀ ਕਲਾ ਅਤੇ
ਖਾਲਸਾ ਸਾਜਨਾ ਦਿਵਸ ਨੂੰ ਸਮਰਪਿਤ
33ਵਾਂ ਸ਼ਹੀਦ ਭਾਈ ਸੁਭਾਸ਼ ਸਿੰਘ ਬੱਬਰ ਖਾਲਸਾ ਇੰਟਰਨੈਸ਼ਨਲ ਜੇਠੂਵਾਲ ਸ਼ਹੀਦੀ ਸਮਾਗਮ
ਬਾਬੇ ਸ਼ਹੀਦਾ ਦੇ ਪਵਿੱਤਰ ਸਥਾਨ ਜੇਠੂਵਾਲ ਵਿਖੇ-ਸ਼ਰਧਾ ਅਤੇ ਭਾਵਨਾ ਨਾਲ
21-4-24 ਦਿਨ ਐਤਵਾਰ ਨੂੰ ਮਨਾਇਆ ਜਾ ਰਿਹਾ ਹੈ।
ਅਮਰ ਸ਼ਹੀਦ ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ
ਗਿ. ਹਰਨਾਮ ਸਿੰਘ ਖਾਲਸਾ
ਬੰਦੀ ਸਿੰਘ ਰਿਹਾ ਕਰੋ
ਬੰਦੀ ਸਿੰਘ ਰਿਹਾ ਕਰੋ
ਸ੍ਰੀ ਅਖੰਡ ਪਾਠ ਦੇ ਭੋਗ ਪਾਏ ਜਾਣਗੇ। ਢਾਡੀ ਰਾਗੀ ਗੁਰੂ ਜਸ ਕਰਨਗੇ। ਗੁਰੂ ਕਾ ਲੰਗਰ ਅਤੁੱਟ ਵਰਤੇਗਾ। ਸ਼ਹੀਦਾ ਦੇ ਪਰਿਵਾਰਾ ਨੂੰ ਸਨਮਾਨਿਤ ਕੀਤਾ ਜਾਵੇਗਾ। ਸ਼੍ਰੋਮਣੀ ਅਕਾਲੀ ਦਲ ਵੱਲੋਂ ਲਾਏ ਧਰਮ ਯੁੱਧ ਮੋਰਚੇ ਦੌਰਾਨ ਸ਼ਹੀਦ ਹੋਏ ਸਿੰਘਾਂ ਸਿੰਘਣੀਆ ਦੀ ਯਾਦ ਨੂੰ ਸਮਰਪਿਤ ਪੰਜਾਬ ਪੁਲਿਸ ਵੱਲੋਂ ਜਸਵੰਤ ਸਿੰਘ ਖਾਲੜਾ ਸਮੇਤ 28000 ਸਿੱਖ ਨੌਜਵਾਨਾ ਨੂੰ ਚੱਕ ਕੇ ਝੂਠੇ ਪੁਲਿਸ ਮੁਕਾਬਲਿਆ ਦੌਰਾਨ ਸ਼ਹੀਦ ਕੀਤੇ ਗਏ ਨੌਜਵਾਨਾ ਦੇ ਪਰਿਵਾਰਾ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਹਰ ਪਿੰਡ-ਪਿੰਡ ਵਿੱਚ ਸ਼ਹੀਦੀ ਸਮਾਗਮ ਕਰਵਾਏ ਜਾਣ।
ਸ਼੍ਰੋਮਣੀ ਅਕਾਲੀ ਦਲ ਵੱਲੋਂ ਲਾਏ ਧਰਮ ਯੁੱਧ ਮੋਰਚੇ ਦੌਰਾਨ ਪੰਜਾਬ ਪੁਲਿਸ ਵੱਲੋਂ ਘਰਾਂ ਤੋਂ ਚੁੱਕ ਕੇ ਝੂਠੇ ਪੁਲਿਸ ਮੁਕਾਬਲਿਆਂ ਵਿੱਚ ਮਾਰ ਮੁਕਾਏ ਨੌਜਵਾਨਾ ਦੇ ਪਰਿਵਾਰਾਂ ਨੂੰ ਬੇਨਤੀ ਹੈ ਕਿ ਪੁਲਿਸ ਵੱਲੋਂ ਚੁੱਕੇ ਨੌਜਵਾਨਾ ਦੇ ਘਰ ਆਉਣ ਦੀ ਆਸ ਨੂੰ ਛੱਡ ਕੇ ਪਿੰਡ-ਪਿੰਡ ਸ਼ਹੀਦੀ ਸਮਾਗਮ ਕਰਵਾਉਣ ਲਈ ਸਿੱਖ ਕੌਮ ਦਾ ਸਹਿਯੋਗ ਦਿਉ ਜੀ।
ਜਥੇਦਾਰ ਭਰਾਵਾਂ ਬਲਵਿੰਦਰ ਸਿੰਘ, ਨਿਰਮਲ ਸਿੰਘ ਜੇਠੂਵਾਲ (M) 99148-13471, 98157-25280, 62394-24387
ਲਵਾਰਸਾ ਦੇ ਵਾਰਸ
ਵੱਲੋਂ:- ਜੋਧਪੁਰ ਨਜ਼ਰਬੰਦ ਭਿਟੇਨ ਐਕਸ਼ਨ ਕਮੇਟੀ ਭਿੰਡਰਾਂਵਾਲੇ ਅਤੇ ਲੋਕਲ ਕਮੇਟੀ ਗ੍ਰਾਮ ਪੰਚਾਇਤ। ਜੇਠੂਵਾਲ, ਬਟਾਲਾ
ਮਾਨਯੋਗ ਸੁਪਰੀਮ ਕੋਰਟ ਨੂੰ ਅਪੀਲ ਹੈ ਕਿ ਸੂਹੋ ਮੋਟੋ ਐਕਸ਼ਨ ਲੈ ਕੇ ਤੁਰੰਤ ਭਾਈ ਖਾਲੜਾ ਸਮੇਤ ਭਾਈ ਸ਼ੁਭਾਸ਼ ਸਿੰਘ ਜੇਠੂਵਾਲ ਅਤੇ 28000 ਲਾਵਾਰਸਾਂ ਸਬੰਧੀ ਵਾਰਸਾਂ ਨੂੰ ਨਿਆ ਦਿੱਤਾ ਜਾਵੇ।
ਬੇਨਤੀ ਕਰਤਾ: ਨੇਤਾ ਜੀ ਸ਼ੁਭਾਸ ਸਿੰਘ ਸ਼ਹੀਦ ਬੱਬਰ ਖਾਲਸਾ ਟਰੱਸਟ ਜੇਠੂਵਾਲ ,ਜਥੇਦਾਰ ਭਰਾਵਾਂ ਬਲਵਿੰਦਰ ਸਿੰਘ ਜੇਠੂਵਾਲ ਨਿਰਮਲ ਸਿੰਘ ਜੇਠੂਵਾਲ


ਦੇਗ ਤੇਗ ਫ਼ਤਿਹ - ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਧੰਨ-ਧੰਨ ਮਾਤਾ ਸਾਹਿਬ ਕੌਰ ਜੀ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470

### ਸੰਧੂ ਸਮੁੰਦਰੀ ਨੇ ਮਹਿਲਾ ਮੋਰਚਾ ਸ਼ਰੁਤੀ ਵਿਜ ਦੇ ਗ੍ਰਹਿ ਵਿਖੇ

# ਔਰਤਾਂ ਦੀ ਭਰਵੀਂ ਮੀਟਿੰਗ ਨੂੰ ਸੰਬੋਧਨ ਕੀਤਾ

**ਅੰਮ੍ਰਿਤਸਰ, 18 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਮੂਨ ਐਵਿਨਿਊ ਵਿਖੇ ਵਿਸ਼ਾਲ ਮੀਟਿੰਗ ਦੌਰਾਨ, ਭਾਰਤੀ ਜਨਤਾ ਪਾਰਟੀ ਮਹਿਲਾ ਮੋਰਚਾ ਦੀ ਪ੍ਰਧਾਨ ਸ਼ਰੁਤੀ ਵਿਜ ਦੀ ਪ੍ਰਧਾਨਗੀ ਹੇਠ ਇਕੱਤਰ ਹੋਈਆਂ ਸੈਂਕੜੇ ਔਰਤਾਂ ਨੇ ਭਾਜਪਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਜਿੱਤ ਵਿਚ ਯੋਗਦਾਨ ਪਾਉਣ ਦਾ ਐਲਾਨ ਕੀਤਾ ਹੈ। ਉਨ੍ਹਾਂ ਸੰਧੂ ਦਾ ਸਨਮਾਨ ਕਰਦਿਆਂ ਭਰੋਸਾ ਦਿੱਤਾ ਕਿ ਇਸ ਵਾਰ ਹਲਕਾ ਅੰਮ੍ਰਿਤਸਰ ਤੋਂ ਤਰਨਜੀਤ ਸਿੰਘ ਸੰਧੂ ਦੀ ਜਿੱਤ ਯਕੀਨੀ ਹੈ।



ਤਰਨਜੀਤ ਸਿੰਘ ਸੰਧੂ ਨੇ ਸੰਬੋਧਨ ਕਰਦਿਆਂ ਕਿਹਾ ਕਿ ਅੰਮ੍ਰਿਤਸਰ ਜ਼ਿਲ੍ਹੇ ਦਾ ਵਿਕਾਸ ਕਰਾਉਣ ਲਈ ਵਸੀਲੇ ਜੁਟਾਏ ਜਾਣਗੇ, ਜਿੱਥੇ ਅਣਗਿਣਤ ਨੌਕਰੀਆਂ ਹੋਣਗੀਆਂ। ਉਨ੍ਹਾਂ ਕਿਹਾ ਕਿ ਔਰਤਾਂ ਦਾ ਸਨਮਾਨ ਅਤੇ ਸੁਰੱਖਿਆ ਕਰਨਾ ਭਾਜਪਾ ਦਾ ਮੁੱਖ ਉਦੇਸ਼ ਹੈ। ਸ਼ਹਿਰ ਵਿੱਚ ਕਾਨੂੰਨ ਵਿਵਸਥਾ ਨੂੰ ਇਸ ਹੱਦ ਤੱਕ ਸੁਧਾਰਿਆ ਜਾਵੇਗਾ ਕਿ ਜੇਕਰ ਔਰਤਾਂ ਦੇਰ ਰਾਤ ਤੱਕ ਕੰਮ ਤੋਂ ਘਰ ਪਹੁੰਚਦੀਆਂ ਹਨ ਤਾਂ ਉਨ੍ਹਾਂ ਨੂੰ ਕਿਸੇ ਤਰ੍ਹਾਂ ਦਾ ਡਰ ਦਾ ਸਾਹਮਣਾ ਨਾ ਕਰਨਾ ਪਵੇ। ਮਹਿਲਾ ਮੋਰਚਾ ਦੀ ਪ੍ਰਧਾਨ ਸ਼ਰੁਤੀ ਵਿਜ ਨੇ ਕਿਹਾ ਕਿ ਦੇਸ਼ ਦੇ ਸਫਲ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦੇ ਕਾਰਜਕਾਲ ਦੌਰਾਨ ਔਰਤਾਂ ਦਾ ਸਸ਼ਕਤੀਕਰਨ ਹੋਇਆ ਹੈ ਅਤੇ ਇਹ ਮੋਦੀ ਦੀ ਗਾਰੰਟੀ ਹੈ ਕਿ ਨਾਰੀ ਸ਼ਕਤੀ ਵੰਦਨ ਐਕਟ ਤਹਿਤ ਲੋਕ ਸਭਾ ਅਤੇ ਵਿਧਾਨ ਸਭਾਵਾਂ ਵਿੱਚ ਔਰਤਾਂ ਲਈ 33 ਸੀਟਾਂ ਹੋਣਗੀਆਂ।ਅਗਲੇ 5 ਸਾਲਾਂ ਵਿੱਚ ਸੀਟਾਂ ਦੀ ਪ੍ਰਤੀਸ਼ਤਤਾ 'ਤੇ ਰਾਖਵਾਂਕਰਨ ਦਾ ਪ੍ਰਬੰਧ ਹੋਵੇਗਾ। ਇਸ 33 ਫ਼ੀਸਦੀ ਵਿੱਚੋਂ ਇੱਕ ਤਿਹਾਈ ਸੀਟਾਂ ਅਨੁਸੂਚਿਤ ਜਾਤੀਆਂ ਅਤੇ ਕਬੀਲਿਆਂ ਨਾਲ ਸਬੰਧਿਤ ਔਰਤਾਂ ਲਈ ਰਾਖਵੀਆਂ ਹੋਣੀਆਂ ਹਨ।

ਸ਼ਰੁਤੀ ਵਿੱਜ ਨੇ ਕਿਹਾ ਕਿ ਮੋਦੀ ਜੀ ਵੱਲੋਂ ਅੰਮ੍ਰਿਤਸਰ ਤੋਂ ਭੇਜੇ ਗਏ ਉਮੀਦਵਾਰ ਤਰਨਜੀਤ ਸਿੰਘ ਸੰਧੂ ਜੋ ਕਿ ਦੂਰਅੰਦੇਸ਼ੀ, ਤਜਰਬੇਕਾਰ ਅਤੇ ਚੰਗੀ ਸ਼ਖ਼ਸੀਅਤ ਦੇ ਹਨ, ਨੂੰ ਅੰਮ੍ਰਿਤਸਰ ਤੋਂ ਚੁਣ ਕੇ ਲੋਕ ਸਭਾ ਵਿੱਚ ਭੇਜਿਆ ਜਾਵੇਗਾ। ਔਰਤਾਂ ਦੀ ਵੋਟ ਲਗਭਗ 50 ਪ੍ਰਤੀਸ਼ਤ ਹੈ ਅਤੇ ਉਹ ਭਰੋਸਾ ਦਿਵਾਉਂਦੀ ਹੈ ਕਿ ਜ਼ਿਆਦਾਤਰ ਔਰਤਾਂ ਦੀਆਂ ਵੋਟਾਂ ਭਾਜਪਾ ਦੇ ਹੱਕ ਵਿੱਚ ਪੈਣਗੀਆਂ ਜੋ ਉਨ੍ਹਾਂ ਦੀ ਜਿੱਤ ਯਕੀਨੀ ਬਣਾਉਣਗੀਆਂ। ਇਸ ਮੌਕੇ ਹਲਕਾ ਉੱਤਰੀ ਇੰਚਾਰਜ ਸੁਖਮਿੰਦਰ ਸਿੰਘ ਪਿੰਟੂ, ਰੀਨਾ ਜੇਤਲੀ, ਪ੍ਰਮੋਦ ਮਹਾਜਨ, ਪ੍ਰੋਫੈਸਰ ਭਨੋਟ, ਰਜਨੀਸ਼ ਸ਼ਰਮਾ, ਅਜੇ ਕੁਮਾਰ, ਰਘੁਵੀਰ ਸਿੰਘ, ਹਰਦੀਪ ਸਿੰਘ, ਸੁਰਿੰਦਰ ਕੁਮਾਰ, ਲਲਿਤ ਕੁਮਾਰ, ਪੰਕਜ ਕਪੂਰ, ਪੰਕਜ ਵਾਹੀ ਆਦਿ ਹਾਜ਼ਰ ਸਨ।

**☛ ਭਾਜਪਾ ਦੇ ਰਾਜ 'ਚ ਔਰਤਾਂ ਦਾ ਸਨਮਾਨ ਅਤੇ ਨੁਮਾਇੰਦਗੀ ਵਧੀ : ਤਰਨਜੀਤ ਸਿੰਘ ਸੰਧੂ ਸਮੁੰਦਰੀ ☛ ਮਹਿਲਾ ਸਸ਼ਕਤੀਕਰਨ ਮੋਦੀ ਦੀ ਗਾਰੰਟੀ ਹੈ: ਸ਼ਰੁਤੀ ਵਿਜ**

### ਬੰਟੀ ਟਾਇਰਾਂ ਵਾਲੇ ਅਤੇ ਅਸ਼ਵਨੀ ਕੁਮਾਰ ਦੀ ਅਗਵਾਈ ਦਰਜਨਾਂ ਲੋਕ ਭਾਜਪਾ ਵਿਚ ਸ਼ਾਮਿਲ ਹੋਏ

# ਭਾਜਪਾ ਅੰਮ੍ਰਿਤਸਰ ਵਿਚ ਪੂਰੀ ਤਰਾਂ ਮਜ਼ਬੂਤ ਹੈ- ਤਰਨਜੀਤ ਸਿੰਘ ਸੰਧੂ



**ਅੰਮ੍ਰਿਤਸਰ, 18 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਲੋਕ ਸਭਾ ਹਲਕੇ ਤੋਂ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਅਤੇ ਅਮਰੀਕਾ 'ਚ ਭਾਰਤ ਦੇ ਸਾਬਕਾ ਰਾਜਦੂਤ ਤਰਨਜੀਤ ਸਿੰਘ ਸੰਧੂ ਸਮੁੰਦਰੀ ਦੀ ਚੋਣ ਮੁਹਿੰਮ ਨੂੰ ਤਗੜਾ ਹੁੰਗਾਰਾ ਮਿਲ ਰਿਹਾ ਹੈ। ਅੱਜ ਹਲਕਾ ਵੇਰਕਾ ਤੋਂ ਪਰਮਜੀਤ ਸਿੰਘ ( ਬੰਟੀ ਟਾਇਰਾਂ ਵਾਲੇ) ਅਤੇ ਅਸ਼ਵਨੀ ਕੁਮਾਰ ਜੀ ਦੀ ਅਗਵਾਈ ਵਿੱਚ ਸ਼੍ਰੀ ਕਮਲ ਸ਼ਰਮਾ, ਸ਼੍ਰੀ ਸੂਰਜ ਸ਼ਰਮਾ, ਪਰਮਜੀਤ ਸਿੰਘ ਪੰਮੀ, ਅੰਗਰੇਜ਼ ਸਿੰਘ, ਪ੍ਰਗਟ ਸਿੰਘ, ਮੁਖ਼ਤਿਆਰ ਸਿੰਘ, ਸਾਹਿਲ ਸ਼ਰਮਾ, ਕਰਨਵੀਰ ਦੇ ਸਿੰਘ, ਰੌਸ਼ਨ ਲਾਲ, ਰਾਜੂ, ਸੋਨੂੰ, ਉਮੈਦ, ਕੰਵਰ ਗਿੱਲ, ਪ੍ਰਿੰਸ, ਹੈਪੀ,, ਹਰਵਿੰਦਰ ਸਿੰਘ,ਸੋਨੂੰ(ਮਕੈਨਿਕ), ਅਭੀ, ਮਨੀ, ਸਾਹਿਲ, ਕਾਲੂ, ਅਮਰਜੀਤ, ਸੁਰਿੰਦਰਪਾਲ, ਸੁਖਦੇਵ ਸਿੰਘ , ਸੋਨੂੰ ਸ਼ਰਮਾ ਅਤੇ ਅਭੀ ਮਸੀਹ ਨੇ ਭਾਜਪਾ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਭਾਜਪਾ ਪਰਿਵਾਰ ਵਿਚ ਸ਼ਾਮਿਲ ਹੋਣ ਦਾ ਐਲਾਨ ਕੀਤਾ ਹੈ। ਇਸ ਮੌਕੇ ਤਰਨਜੀਤ ਸਿੰਘ ਸੰਧੂ ਨੇ ਪਾਰਟੀ ਚਿੰਨ੍ਹ ਪਹਿਨਾਉਂਦਿਆਂ ਸਭ ਦਾ ਸਵਾਗਤ ਕੀਤਾ। ਅਤੇ ਭਰੋਸਾ ਦਿੱਤਾ ਕਿ ਪਾਰਟੀ ਵਿੱਚ ਸਭ ਨੂੰ ਬਣਦਾ ਮਾਣ ਸਤਿਕਾਰ ਦਿੱਤਾ ਜਾਵੇਗਾ। ਸ. ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਗਤੀਸ਼ੀਲ ਅਗਵਾਈ ਅਤੇ ਭਾਜਪਾ ਵਰਕਰਾਂ ਦੀ ਮਿਹਨਤ ਸਦਕਾ ਭਾਜਪਾ ਅੰਮ੍ਰਿਤਸਰ ਵਿਚ ਵੀ ਮਜ਼ਬੂਤ ਹੋ ਚੁੱਕੀ ਹੈ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਦੀ ਸੋਚ ਅੰਮ੍ਰਿਤਸਰ ਨੂੰ ਅੱਗੇ ਲੈ ਕੇ ਜਾਣ ਦੀ ਹੈ। ਅੰਮ੍ਰਿਤਸਰ ਦੇ ਵਿਕਾਸ ਲਈ ਪ੍ਰਧਾਨ ਮੰਤਰੀ ਮੋਦੀ ਤੋਂ ਵਿਸ਼ੇਸ਼ ਪੈਕੇਜ ਲਿਆਂਦਾ ਜਾਵੇਗਾ। ਉਨ੍ਹਾਂ ਕਿਹਾ ਕਿ ਗੁਰੂ ਨਗਰੀ ਦੀ ਤਰੱਕੀ ਅਤੇ ਖ਼ੁਸ਼ਹਾਲੀ ਦਾ ਪਲਾਨ ਕੇਵਲ ਭਾਜਪਾ ਕੋਲ ਹੈ। ਪਾਰਟੀ ਵਰਕਰ ਅੰਮ੍ਰਿਤਸਰ ਲੋਕ ਸਭਾ ਹਲਕੇ ਦੇ ਵਿਕਾਸ ਕਰਾਉਣ ਅਤੇ ਲੋਕਾਂ ਨੂੰ ਦਰਪੇਸ਼ ਸਮੱਸਿਆਵਾਂ ਦੇ ਮੁੱਦੇ ਨੂੰ ਲੈ ਕੇ ਲੋਕਾਂ ਵਿਚ ਜਾਣ। ਉਨ੍ਹਾਂ ਕਿਹਾ ਕਿ ਭਾਜਪਾ ਦਾ ਵਿਕਾਸ ਮਾਰਗ ਅਜਿਹਾ ਹੈ ਜਿਸ 'ਤੇ ਹੁਣ ਸਾਰੀਆਂ ਪਾਰਟੀਆਂ ਚਲਣ ਦੀ ਤਾਕ ਵਿਚ ਹਨ, ਪਰ ਇਹ ਅੰਮ੍ਰਿਤਸਰ ਲਈ ਇਕ ਵਿਡੰਬਣਾ ਹੈ ਕਿ 7 ਸਾਲਾਂ ਤਕ ਇੱਥੋਂ ਲੋਕ ਸਭਾ ਦੀ ਨੁਮਾਇੰਦਗੀ ਕਰ ਰਹੇ ਨੁਮਾਇੰਦੇ ਨੇ ਅੰਮ੍ਰਿਤਸਰ ਲਈ. ਕੁਝ ਨਹੀਂ ਕੀਤਾ। ਉਨ੍ਹਾਂ ਹੈਰਾਨੀ ਪ੍ਰਗਟ ਕਰਦਿਆਂ ਕਿਹਾ ਕਿ ਅੱਜ ਵੀ ਅੰਮ੍ਰਿਤਸਰ ਦੇ ਖੇਤਰ ਬੁਨਿਆਦੀ ਸਹੂਲਤਾਂ ਦੀ ਅਣਹੋਂਦ ਨਾਲ ਜੂਝ ਰਹੇ ਹਨ। ਚੁਣੇ ਹੋਏ ਲੋਕ ਨੁਮਾਇੰਦਿਆਂ ਨੇ ਸ਼ਹਿਰ ਅਤੇ ਪੇਡੂ ਕਸਬਿਆਂ ਦੇ ਕਈ ਇਲਾਕਿਆਂ 'ਚ ਪੀਣ ਵਾਲੇ ਪਾਣੀ, ਸੀਵਰੇਜ, ਗਲੀਆਂ ਨਾਲੀਆਂ, ਸੜਕਾਂ ਦੀ ਮੰਦੀ ਹਾਲਤ, ਲੋੜੀਂਦੇ ਪੁਲਾਂ ਦੀ ਕਮੀ, ਛੱਤਾਂ ਤੋਂ ਬਿਨਾ ਅਤੇ ਖ਼ਾਸ ਕਰ ਨਸ਼ਿਆਂ ਦੀ ਸਮੱਸਿਆ ਵਲ ਕਦੀ ਧਿਆਨ ਨਹੀਂ ਦਿਤਾ , ਲੋਕ ਮੁਸ਼ਕਲਾਂ ਨਾਲ ਦੋ ਚਾਰ ਹਨ। ਜਦੋਂ ਕਿ ਅਜਿਹੇ ਮਸਲੇ ਪ੍ਰਧਾਨ ਮੰਤਰੀ ਯੋਜਨਾ ਅਧੀਨ ਜਾਰੀ ਸਕੀਮਾਂ ਨੂੰ ਲਾਗੂ ਕਰਦਿਆਂ ਹੱਲ ਕੀਤੇ ਜਾ ਸਕਦੇ ਸਨ। ਸ. ਸੰਧੂ ਸਮੁੰਦਰੀ ਨੇ ਜ਼ੋਰ ਦੇ ਕੇ ਕਿਹਾ ਕਿ ਸਾਡਾ ਮਕਸਦ ਗੁਰੂ ਨਗਰੀ ਦਾ ਵਿਕਾਸ, ਤਰੱਕੀ ਅਤੇ ਖ਼ੁਸ਼ਹਾਲੀ ਹੈ। ਇਸ ਲਈ ਜੋ ਵੀ ਕਰਨਾ ਪਵੇ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਦੂਜੇ ਦੇਸ਼ਾਂ ਨਾਲ ਅਟਾਰੀ ਬਾਡਰ ਰਾਹੀਂ ਵਪਾਰ ਕਰਨ, ਏਅਰ ਕਾਰਗੋ ਦੀ ਪੂਰੀ ਸਮਰੱਥਾ ਦਾ ਇਸਤੇਮਾਲ ਕਰਨ ਅਤੇ ਅੰਮ੍ਰਿਤਸਰ ਪੱਟੀ ਵਾਇਆ ਗੁਜਰਾਤ ਪੋਰਟ ਖਾੜੀ ਅਤੇ ਯੂਰਪ ਤਕ ਕਿਸਾਨਾਂ ਦੀਆਂ ਸਬਜ਼ੀਆਂ ਅਤੇ ਫਲ਼ ਅਤੇ ਵਪਾਰ ਨੂੰ ਲੈ ਕੇ ਜਾਇਆ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਅਕਾਲ ਯੂਨੀਵਰਸਿਟੀ ਨੇ ਕਵਿਤਾ ਰਾਹੀਂ ਲੋਕਧਾਰਾ ਦੀ ਪੁਨਰ-ਕਲਪਨਾ ਬਾਰੇ ਰਾਸ਼ਟਰੀ ਵੈਬੀਨਾਰ ਦਾ ਕੀਤਾ ਆਯੋਜਨ

ਤਲਵੰਡੀ ਸਾਬੋ, 18 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)- ਅਕਾਲ ਯੂਨੀਵਰਸਿਟੀ ਦੇ ਅੰਗਰੇਜ਼ੀ ਅਧਿਐਨ ਵਿਭਾਗ ਨੇ ਹਾਲ ਹੀ ਵਿੱਚ ਲੋਕਧਾਰਾ ਅਤੇ ਕਾਵਿ ਪ੍ਰਗਟਾਵੇ ਵਿਚਕਾਰ ਗਤੀਸ਼ੀਲ ਪਰਸਪਰ ਪ੍ਰਭਾਵ ਦੀ ਪੜਚੋਲ ਕਰਨ ਦੇ ਉਦੇਸ਼ ਨਾਲ "ਕਵਿਤਾ ਦੁਆਰਾ ਲੋਕਧਾਰਾ ਦੀ ਪੁਨਰ-ਕਲਪਨਾ" ਵਿਸ਼ੇ 'ਤੇ ਇੱਕ ਰਾਸ਼ਟਰੀ ਵੈਬੀਨਾਰ ਦਾ ਆਯੋਜਨ ਕੀਤਾ। ਵੈਬੀਨਾਰ ਦੇ ਮੁੱਖ ਬੁਲਾਰੇ ਇੰਦਰਾ ਗਾਂਧੀ ਨੈਸ਼ਨਲ ਓਪਨ ਯੂਨੀਵਰਸਿਟੀ (ਇਗਨੂ), ਨਵੀਂ ਦਿੱਲੀ ਤੋਂ ਕਵੀ ਅਤੇ ਪ੍ਰੋਫੈਸਰ ਨੰਦਿਨੀ ਸਾਹੂ ਸਨ। ਪ੍ਰੋਫੈਸਰ ਸਾਹੂ ਭਾਰਤੀ ਅੰਗਰੇਜ਼ੀ ਸਾਹਿਤ ਵਿੱਚ ਇੱਕ ਮਸ਼ਹੂਰ ਹਸਤੀ ਹਨ। ਉਹਨਾਂ ਨੇ ਲੋਕਧਾਰਾ ਦੇ ਵਿਕਾਸ ਅਤੇ ਸਮਕਾਲੀ ਸਮਾਜ ਵਿੱਚ ਇਸਦੀ ਪ੍ਰਸੰਗਿਕਤਾ ਬਾਰੇ ਆਪਣੇ ਭਾਸ਼ਣ ਨਾਲ ਸਰੋਤਿਆਂ ਨੂੰ ਖਾਸ ਜਾਣਕਾਰੀ ਦਿੱਤੀ। ਡਾ. ਤਜਾਮੁਲ ਇਸਲਾਮ ਨੇ ਭਾਗ ਲੈਣ ਵਾਲਿਆਂ ਦਾ ਨਿੱਘਾ ਸੁਆਗਤ ਕਰਦੇ ਹੋਏ ਇੱਕ ਦਿਲਚਸਪ ਚਰਚਾ ਲਈ ਮੰਚ ਤਿਆਰ ਕੀਤਾ। ਅਕਾਲ ਯੂਨੀਵਰਸਿਟੀ ਦੇ ਅਕਾਦਮਿਕ ਡੀਨ ਮੇਜਰ ਜਨਰਲ ਡਾ. ਜੀ. ਐਸ. ਲਾਂਬਾ ਨੇ ਆਪਣੇ ਸੰਬੋਧਨ ਦੌਰਾਨ ਸਾਡੀ ਸੱਭਿਆਚਾਰਕ ਪਛਾਣ ਅਤੇ ਸਮੂਹਿਕ ਚੇਤਨਾ ਨੂੰ ਰੂਪ ਦੇਣ ਲਈ ਲੋਕਧਾਰਾ ਦੀ ਡੂੰਘੀ ਮਹੱਤਤਾ 'ਤੇ ਜ਼ੋਰ ਦਿੱਤਾ। ਪ੍ਰੋਗਰਾਮ ਦੇ ਕਨਵੀਨਰ ਡਾ. ਸ਼ਮਸੁਧੀਨ ਐਮ.ਕੇ ਨੇ ਪ੍ਰੋਫ਼ੈਸਰ ਨੰਦਿਨੀ ਸਾਹੂ ਨਾਲ ਜਾਣ-ਪਛਾਣ ਕਰਵਾਈ, ਜਿਹਨਾਂ ਨੇ ਰਵਾਇਤੀ ਲੋਕਧਾਰਾ ਨੂੰ ਸਮਕਾਲੀ ਸਾਹਿਤਕ ਆਲੋਚਨਾ ਨਾਲ ਜੋੜਨ ਵਿੱਚ ਆਪਣੀ ਮੁਹਾਰਤ ਨੂੰ ਉਜਾਗਰ ਕੀਤਾ। ਪ੍ਰੋਫ਼ੈਸਰ ਸਾਹੂ ਦੀ ਪੇਸ਼ਕਾਰੀ ਨੇ ਲੋਕਧਾਰਾ ਦੇ ਵੱਖ-ਵੱਖ ਪਹਿਲੂਆਂ 'ਤੇ ਧਿਆਨ ਕੇਂਦਰਿਤ ਕੀਤਾ। ਇਸ ਦੀਆਂ ਰਵਾਇਤੀ ਜੜ੍ਹਾਂ ਤੋਂ ਲੈ ਕੇ ਰਾਸ਼ਟਰੀ ਸਿੱਖਿਆ ਨੀਤੀ (ਐਨਈਪੀ) ਅਤੇ ਭਾਰਤੀ ਗਿਆਨ ਪ੍ਰਣਾਲੀ ਦੇ ਸੰਦਰਭ ਵਿੱਚ ਇਸਦੀ ਗੂੰਜ ਤੱਕ ਉਹਨਾਂ ਨੇ ਚਰਚਾ ਕੀਤੀ। ਵੈਬੀਨਾਰ ਵਿੱਚ ਦੇਸ਼ ਭਰ ਵਿੱਚ ਵਿਭਿੰਨ ਖੇਤਰਾਂ ਦੀ ਨੁਮਾਇੰਦਗੀ ਕਰਨ ਵਾਲੇ ਬਹੁਤ ਸਾਰੇ ਵਿਦਿਆਰਥੀਆਂ, ਖੋਜਾਰਥੀਆਂ ਅਤੇ ਵਿਦਵਾਨਾਂ ਦੀ ਸਰਗਰਮ ਭਾਗੀਦਾਰੀ ਦੇਖੀ ਗਈ। ਸਮਾਗਮ ਦੀ ਸਮਾਪਤੀ ਸਵਾਲ-ਜਵਾਬ ਦੇ ਸੈਸ਼ਨ ਨਾਲ ਹੋਈ। ਅੰਤ ਵਿਚ ਡਾ. ਤਜਾਮੁਲ ਇਸਲਾਮ ਨੇ ਸਭ ਦਾ ਧੰਨਵਾਦ ਕੀਤਾ।



# ਆਪ ਪਾਰਟੀ ਨੇ ਪੰਜਾਬ ਵਿਚ ਜ਼ੁਲਮ ਦੀ ਹੱਦਾਂ ਟੱਪੀਆਂ, ਲੋਕ ਦਬਾਣਗੇ ਤਕੜੀ ਦਾ ਬਟਨ: ਬੀਬੀ ਰਣਜੀਤ ਕੌਰ

### ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੀ ਮਹਿਲਾ ਵਿੰਗ ਦੀ ਕੋਰ ਕਮੇਟੀ ਹੋਈ ਗਠਿਤ



ਨਵੀਂ ਦਿੱਲੀ 18 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ): ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੀ ਮਹਿਲਾ ਵਿੰਗ ਦੇ ਮੁੱਖ ਸੇਵਾਦਾਰ ਬੀਬੀ ਰਣਜੀਤ ਕੌਰ ਨੇ ਦਿੱਲੀ ਅੰਦਰ ਮਹਿਲਾ ਵਿੰਗ ਨੂੰ ਮਜਬੂਤ ਕਰਦਿਆਂ ਵੱਖ ਵੱਖ ਇਲਾਕਿਆਂ ਅੰਦਰ ਬੀਬੀਆਂ ਨੂੰ ਜੋੜਦਿਆ ਪਾਰਟੀ ਦੀ ਮਜਬੂਤੀ ਅਤੇ ਆਮ ਲੋਕਾਂ ਦੀ ਮਦਦ ਲਈ ਉਨ੍ਹਾਂ ਦੇ ਕੰਮਕਾਜ ਲਈ ਕੋਰ ਕਮੇਟੀ ਦੇ ਐਲਾਨ ਨਾਲ ਉਨ੍ਹਾਂ ਨੂੰ ਵੱਖ ਵੱਖ ਉਹਦਿਆ ਨਾਲ ਨਿਵਾਜਿਆ ਗਿਆ ਹੈ। ਇਸ ਮੌਕੇ ਉਨ੍ਹਾਂ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਉੱਪਰ ਵਾਲਾ ਸਭ ਦੇਖ ਰਿਹਾ ਹੈ। ਜਦੋਂ ਜ਼ੁਲਮ ਵਧਦਾ ਹੈ ਤਾਂ ਰੱਬ ਉਸ ਦੀ ਸਫ਼ਾਈ ਜ਼ੂਰ ਕਰਦਾ ਹੈ। ਪੰਜਾਬ ਦੇ ਮੁੱਖਮੰਤਰੀ ਭਗਵੰਤ ਮਾਨ ਨੇ ਬਿਲਕੁਲ ਠੀਕ ਕਿਹਾ ਹੈ ਤੇ ਹੁਣ ਉਨ੍ਹਾਂ ਨੂੰ ਆਪਣੀ ਪੀੜੀ ਹੇਠ ਝਾਤ ਮਾਰਣ ਦੀ ਲੋੜ ਹੈ । ਕਿ ਕਿਸ ਤਰ੍ਹਾਂ ਉਨ੍ਹਾਂ ਨੇ ਭਾਈ ਅੰਮ੍ਰਿਤਪਾਲ ਸਿੰਘ ਅਤੇ ਸਾਥੀਆਂ ਤੇ ਜ਼ੁਲਮ ਢਾਹੁੰਦੇ ਹੋਏ ਐਨਐਸਏ ਵਰਗਾ ਕਾਲਾ ਕਾਨੂੰਨ ਲਗਾ ਕੇ ਪੰਜਾਬ ਤੋਂ ਹਜ਼ਾਰਾਂ ਮੀਲ ਦੂਰ ਆਸਾਮ ਦੀ ਦਿਬਰੂਗੜ੍ਹ ਜੇਲ੍ਹ ਅੰਦਰ ਕੈਦ ਕਰ ਦਿੱਤਾ ਹੈ ਤੇ ਉਨ੍ਹਾਂ ਕਸੂਰ ਇਹ ਸੀ ਕਿ ਓਹ ਬਾਣੀ ਬਾਣੇ ਦੇ ਪ੍ਰਚਾਰ ਪ੍ਰਸਾਰ ਦੇ ਨਾਲ ਨਸ਼ਾ ਬੰਦ ਕਰਵਾ ਰਹੇ ਸਨ । ਉਨ੍ਹਾਂ ਦੀ ਐਨਐਸਏ ਮਿਆਦ ਪੁਗਣ ਤੇ ਮੁੜ ਉਨ੍ਹਾਂ ਉਪਰ ਐਨ ਐਸ ਏ ਇਕ ਸਾਲ ਲਈ ਹੋਰ ਵਧਾ ਕੇ ਜ਼ੁਲਮ ਦੀ ਅਤਿ ਕਰ ਦਿੱਤੀ ਉੱਥੇ ਉਨ੍ਹਾਂ ਦੇ ਮਾਤਾ ਬਲਵਿੰਦਰ ਕੌਰ ਜੀ ਨੂੰ ਵੀਂ ਬੰਦੀ ਸਿੰਘਾਂ ਦੀ ਰਿਹਾਈ ਲਈ ਚੇਤਨਾ ਮਾਰਚ ਕਢਣ ਤੋਂ ਰੋਕਦਿਆਂ ਪਰਚਾ ਦਰਜ਼ ਕਰ ਜੇਲ੍ਹ ਡੱਕ ਦਿੱਤਾ । ਉਨ੍ਹਾਂ ਕਿਹਾ ਕਿ ਲੋਕਾਂ ਨੇ ਆਪ ਪਾਰਟੀ ਦੀ ਤਾਨਾਸ਼ਾਹੀ ਨੂੰ 7 ਵੇਂ ਗੇੜ ਦੀ ਚੋਣ ਅੰਦਰ 1 ਜੂਨ ਨੂੰ ਤਕੜੀ ਦਾ ਬਟਨ ਦਬਾ ਕੇ ਜਵਾਬ ਦੇਣਾ ਹੈ ਕਿ ਕਿਸ ਤਰ੍ਹਾਂ ਆਪ ਨੇ ਪੰਜਾਬ ਰਾਜ ਦੇ ਲੋਕਤੰਤਰ ਅਤੇ ਸੰਵਿਧਾਨ ਨੂੰ ਤਬਾਹ ਕੀਤਾ ਹੈ।

# ਗੁਰੂ ਹਰਗੋਬਿੰਦ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਜੌੜਕੀਆਂ ਦੀ ਵਿਦਿਆਰਥਣ ਨੇ ਪੰਜਾਬ 'ਚੋਂ ਕੀਤਾ 15ਵਾਂ ਰੈਂਕ ਹਾਸਲ




ਤਲਵੰਡੀ ਸਾਬੋ, 18 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)- ਗੁਰੂ ਹਰਗੋਬਿੰਦ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਜੌੜਕੀਆਂ ਦੀ ਵਿਦਿਆਰਥਣ ਸੁਨੀਤਾ ਪੁੱਤਰੀ ਤਰਸੇਮ ਚੰਦ ਨੇ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਦਸਵੀਂ ਦੇ ਨਤੀਜਿਆਂ ਵਿੱਚ ਪੰਜਾਬ ਵਿੱਚੋਂ 15ਵਾਂ ਰੈਂਕ ਅਤੇ ਮਾਨਸਾ ਜ਼ਿਲ੍ਹੇ ਵਿੱਚੋਂ ਦੂਸਰਾ ਸਥਾਨ ਪ੍ਰਾਪਤ ਕੀਤਾ ਹੈ। ਸੁਨੀਤਾ ਸਿਵਲ ਸਰਵਿਸ ਵਿੱਚ ਆ ਕੇ ਸਮਾਜ ਦੀ ਸੇਵਾ ਕਰਨਾ ਚਾਹੁੰਦੀ ਹੈ। ਸੁਨੀਤਾ ਨੇ ਬਿਨਾਂ ਟਿਊਸ਼ਨ ਰੱਖੇ ਆਪਣੀ ਮਿਹਨਤ ਨਾਲ ਇਹ ਸਥਾਨ ਹਾਸਿਲ ਕੀਤਾ। ਸੁਨੀਤਾ ਦੀ ਮਾਤਾ ਰਜਨੀ ਘਰੇਲੂ ਕੰਮਕਾਜੀ ਘਰੇਲੂ ਕੰਮਕਾਜੀ ਔਰਤ ਹੈ ਅਤੇ ਪਿਤਾ ਗੁਰੂ ਹਰਗੋਬਿੰਦ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਖੇ ਹੀ ਸਮਾਜਿਕ ਸਿੱਖਿਆ ਅਧਿਆਪਕ ਦੇ ਤੌਰ 'ਤੇ ਆਪਣੀਆਂ ਸੇਵਾਵਾਂ ਨਿਭਾ ਰਹੇ ਹਨ। ਇਸ ਤੋਂ ਇਲਾਵਾ ਪਰਿਵਾਰ ਵਿੱਚ ਸੁਨੀਤਾ ਦੀਆਂ ਦੋ ਭੈਣਾਂ ਹੋਰ ਹਨ। ਇਸ ਮੌਕੇ ਗੁਰੂ ਹਰਗੋਬਿੰਦ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਜੌੜਕੀਆਂ ਦੇ ਪ੍ਰਿੰਸੀਪਲ ਜਸਵਿੰਦਰ ਸਿੰਘ ਜੌੜਕੀਆਂ ਨੇ ਸੁਨੀਤਾ ਅਤੇ ਉਸਦੇ ਪਰਿਵਾਰ ਨੂੰ ਅਤੇ ਸਮੁੱਚੇ ਸਕੂਲ ਸਟਾਫ ਨੂੰ ਉਹਨਾਂ ਦੀ ਮਿਹਨਤ ਸਦਕਾ ਪ੍ਰਾਪਤ ਹੋਏ ਇਸ ਸਥਾਨ ਲਈ ਵਧਾਈ ਦਿੱਤੀ। ਇਸ ਮੌਕੇ ਤੇ ਮਨਦੀਪ ਸਿੰਘ ਜਟਾਣਾ, ਜੁਗਰਾਜ ਸਿੰਘ ਜੌੜਕੀਆਂ, ਮੇਵਾ ਸਿੰਘ ਟਾਂਡੀਆਂ, ਕੁਲਦੀਪ ਸਿੰਘ ਬੁਰਜ, ਸੁਖਲਾਲ ਸਿੰਘ ਟਾਂਡੀਆਂ, ਤੇਜਾ ਸਿੰਘ ਝੇਰਿਆਂਵਾਲੀ ਆਦਿ ਹਾਜ਼ਰ ਸਨ।

### ਯੂਰੋਪੀਅਨ ਪਾਰਲੀਮੈਂਟ ਅੰਦਰ ਵੈਸਾਖੀ ਪੁਰਬ ਮਨਾਉਂਦਿਆਂ

# ਬੰਦੀ ਸਿੰਘਾਂ ਸਮੇਤ ਚੁੱਕੇ ਗਏ ਪੰਥਕ ਮੁੱਦੇ: ਬਿੰਦਰ ਸਿੰਘ







**ਨਵੀਂ ਦਿੱਲੀ 18 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**: ਖਾਲਸਾ ਜੀ ਦਾ 325 ਵਾਂ ਜਨਮ ਦਿਹਾੜਾ ਵੈਸਾਖੀ ਯੂਰੋਪੀਅਨ ਪਾਰਲੀਮੈਂਟ ਅੰਦਰ ਬੀਤੇ ਦਿਨੀਂ ਵੱਡੇ ਪੱਧਰ ਤੇ ਮਨਾਇਆ ਗਿਆ ਜਿਸ ਅੰਦਰ ਸਿੱਖ ਪੰਥ ਦੇ ਧਰਮ ਦਾ ਯੂਰੋਪ ਅੰਦਰ ਰਜਿਸਟਰੇਸ਼ਨ, ਬੰਦੀ ਸਿੰਘਾਂ ਦੀ ਰਿਹਾਈ ਸਮੇਤ ਹੋਰ ਪੰਥਕ ਮੁਦਿਆਂ ਤੇ ਗੱਲਬਾਤ ਕੀਤੀ ਗਈ । ਜੱਥੇਦਾਰ ਅਕਾਲ ਤਖਤ ਸਾਹਿਬ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਜੀ ਅਤੇ ਸਰਦਾਰ ਪਰਮਜੀਤ ਸਿੰਘ ਸਰਨਾ ਨੇ ਵੀ ਹਾਜ਼ਿਰੀ ਭਰਨੀ ਸੀ ਪਰ ਤਕਨੀਕੀ ਕਾਰਨਾ ਕਰਕੇ ਹਾਜਿਰ ਨਹੀਂ ਹੋ ਸਕੇ ਪਰ ਉਨ੍ਹਾਂ ਵਲੋਂ ਅਗਲੇ ਪ੍ਰੋਗਰਾਮ ਵਿਚ ਐਸਜੀਪੀਸੀ ਪ੍ਰਧਾਨ ਐਡਵੋਕੇਟ ਹਰਚਰਨ ਸਿੰਘ ਧਾਮੀ ਜੀ ਸਮੇਤ ਹਾਜ਼ਿਰੀ ਭਰਣ ਦੀ ਹਾਮੀ ਭਰੀ ਗਈ ਹੈ । ਇਸ ਮੌਕੇ ਯੂਰੋਪ ਦੇ ਪਹਿਲੇ ਵਾਈਸ ਪ੍ਰੈਸੀਡੈਂਟ ਓਥਮਾਰ ਕਾਰਾਸ, ਪਾਰਲੀਮੈਂਟ ਮੈਂਬਰ ਮੇਟੇਕਸ ਪੀਰਾਬਕਸ, ਹਿਲਡੇ ਵਾਟਮੰਸ, ਗ੍ਰੀਨ ਪਾਰਟੀ ਜਰਮਨੀ ਦੇ ਰਚਨਾਕਾਰ ਫਰੈਂਕ ਸੱਚਵਾਲਬਾ ਹੋਠ, ਮਨੁੱਖੀ ਅਧਿਕਾਰ ਦੇ ਇਵਾਨ ਪੇਲਾਡੋ, ਯੂਕੇ ਤੋਂ ਸਿੱਖ ਪ੍ਰਚਾਰਕ ਭਾਈ ਤਰਸੇਮ ਸਿੰਘ ਖਾਲਸਾ, ਭਾਈ ਰਮਨ ਸਿੰਘ, ਗੁਰਦੁਆਰਾ ਸਿੰਤਰੁਦਨ ਦੇ ਪ੍ਰਧਾਨ ਭਾਈ ਕਰਮ ਸਿੰਘ, ਗੁਰਦੁਆਰਾ ਲਿਅਜ ਦੇ ਪ੍ਰਧਾਨ ਭਾਈ ਗੁਰਦਰਸ਼ਨ ਸਿੰਘ ਸੰਘਾ ਸਮੇਤ ਬਹੁਤ ਸਾਰੇ ਪਤਵੰਤੇ ਸੱਜਣਾ ਨੇ ਹਾਜ਼ਿਰੀ ਭਰੀ ਸੀ । ਜਿਕਰਯੋਗ ਹੈ ਕਿ ਇਹ ਪ੍ਰੋਗਰਾਮ ਭਾਈ ਬਿੰਦਰ ਸਿੰਘ ਪ੍ਰਧਾਨ ਯੂਰੋਪੀਅਨ ਸਿੱਖ ਓਰਗੇਨਾਈਜੇਸ਼ਨ ਦੀ ਮਿਹਨਤ ਸਦਕਾ ਯੂਰੋਪੀਅਨ ਪਾਰਲੀਮੈਂਟ ਅੰਦਰ ਪਹਿਲੀ ਵਾਰ ਕਰਵਾਇਆ ਗਿਆ ਸੀ ।ਯੂਰੋਪ ਦੇ ਪਹਿਲੇ ਵਾਈਸ ਪ੍ਰੈਸੀਡੈਂਟ ਓਥਮਾਰ ਕਾਰਾਸ ਅਤੇ ਪਾਰਲੀਮੈਂਟ ਮੈਂਬਰਾਂ ਨੇ ਇਸ ਪ੍ਰੋਗਰਾਮ ਦੀ ਸ਼ਲਾਘਾ ਕਰਦਿਆਂ ਯੂਰੋਪ ਅੰਦਰ ਆ ਰਹੀ ਸਿੱਖਾਂ ਨੂੰ ਮੁਸ਼ਿਕਲਾਂ ਦਾ ਹੱਲ ਕਰਣ ਦਾ ਭਰੋਸਾ ਦਿਵਾਇਆ ਹੈ ਤੇ ਨਾਲ ਹੀ ਜੱਥੇਦਾਰ ਅਕਾਲ ਤਖਤ ਸਾਹਿਬ ਜੀ ਨੂੰ ਅਗਲੇ ਪ੍ਰੋਗਰਾਮ ਵਿਚ ਹਾਜ਼ਿਰੀ ਭਰਣ ਦੀ ਅਪੀਲ ਕੀਤੀ ਹੈ ਜਿਸ ਨਾਲ ਉਨ੍ਹਾਂ ਦੀ ਮੌਜੂਗਦੀ ਅੰਦਰ ਸਿੱਖਾਂ ਦੇ ਮਸਲਿਆਂ ਨੂੰ ਹੱਲ ਕੀਤਾ ਜਾ ਸਕੇ । ਇਸ ਮੌਕੇ ਯੂਰੋਪ ਦੇ ਪਹਿਲੇ ਵਾਈਸ ਪ੍ਰੈਸੀਡੈਂਟ ਓਥਮਾਰ ਕਾਰਾਸ ਅਤੇ ਪਾਰਲੀਮੈਂਟ ਮੈਂਬਰਾਂ ਨੂੰ ਬਾਬਾ ਬੰਦਾ ਸਿੰਘ ਬਹਾਦਰ ਜੀ ਦੀ ਫੋਟੋ ਨਾਲ ਸਨਮਾਨਿਤ ਕੀਤਾ ਗਿਆ ਅਤੇ ਉਨ੍ਹਾਂ ਵਲੋਂ "ਸਿਖਸ ਈਨ ਯੂਰੋਪ" ਕਿਤਾਬ ਨੂੰ ਰਿਲੀਜ਼ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

**ਜੱਥੇਦਾਰ ਅਕਾਲ ਤਖਤ ਸਾਹਿਬ ਤਕਨੀਕੀ ਕਾਰਨਾ ਕਰਕੇ ਹਾਜ਼ਿਰੀ ਨਹੀਂ ਭਰ ਸਕੇ ਅਗਸਤ ਵਿਚ ਜਾਣਗੇ ਯੂਰੋਪੀਅਨ ਪਾਰਲੀਮੈਂਟ**

### ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ

# ਗੈਮਬੇਲਾ ਯੂਨੀਵਰਸਿਟੀ, ਇਥੋਪੀਆ ਨਾਲ ਦੁਵੱਲਾ ਸਮਝੌਤਾ ਸਹੀਬੱਧ





ਤਲਵੰਡੀ ਸਾਬੋ, 18 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)- ਭਾਰਤ ਸਰਕਾਰ ਦੀ ਨਵੀਂ ਸਿੱਖਿਆ ਨੀਤੀ-2020 ਨੂੰ ਅਮਲੀ ਜਾਮਾ ਪਹਿਨਾਉਂਦੇ ਹੋਏ ਗੁਰੂ ਕਾਸ਼ੀ ਯੂਨੀਵਰਸਿਟੀ ਤਲਵੰਡੀ ਸਾਬੋ ਨੇ ਚਾਂਸਲਰ ਸ. ਗੁਰਲਾਭ ਸਿੰਘ ਸਿੱਧੂ ਦੀ ਪ੍ਰੇਰਣਾ ਸਦਕਾ ਸਿੱਖਿਆ ਦੇ ਖੇਤਰ ਵਿੱਚ ਨਵੇਂ ਦਸਹਿੱਦੇ ਸਥਾਪਿਤ ਕਰਨ ਅਤੇ ਖੋਜ ਕਾਰਜਾਂ ਵਿੱਚ ਤੇਜੀ ਲਿਆਉਣ ਲਈ ਉਪ ਕੁਲਪਤੀ ਪ੍ਰੋ.(ਡਾ.)ਐਸ.ਕੇ. ਬਾਵਾ ਅਤੇ ਦੀਰੀਬਾ ਇਟੀਚਾ ਤੁਜੂਬਾ, ਪ੍ਰੈਸੀਡੈਂਟ ਦੀ ਹਾਜ਼ਰੀ ਵਿੱਚ ਗੈਮਬੇਲਾ ਯੂਨੀਵਰਸਿਟੀ, ਇਥੋਪੀਆ ਨਾਲ ਡਾ. ਜਗਤਾਰ ਸਿੰਘ ਧੀਮਾਨ, ਰਜਿਸਟਰਾਰ, ਅਤੇ ਪਾਲ ਬੋਥ ਡੋਲ, ਵਾਈਸ ਪ੍ਰੈਸੀਡੈਂਟ ਅਕਾਦਮਿਕ ਮਾਮਲੇ, ਗੈਮਬੇਲਾ ਯੂਨੀਵਰਸਿਟੀ ਵੱਲੋਂ ਦੁਵੱਲਾ ਸਮਝੌਤਾ ਹਸਤਾਖਰਿਤ ਕੀਤਾ ਗਿਆ। ਇਸ ਮੌਕੇ ਆਪਣੇ ਵਧਾਈ ਸੰਦੇਸ਼ ਵਿੱਚ ਸ. ਗੁਰਲਾਭ ਸਿੰਘ ਸਿੱਧੂ ਨੇ ਕਿਹਾ ਕਿ ਸਮਝੌਤੇ ਨਾਲ ਜੀ.ਕੇ.ਯੂ. ਵੱਲੋਂ ਵਿਦਿਆਰਥੀ ਨੂੰ ਖੋਜ ਕਾਰਜਾਂ ਵਿੱਚ ਵਿਸ਼ਵ ਪੱਧਰੀ ਸੁਵਿਧਾਵਾਂ ਉਪਲਬਧ ਕਰਵਾਉਣ ਦੀ ਲੜੀ ਨੂੰ ਹੋਰ ਹੁੰਗਾਰਾ ਮਿਲੇਗਾ। ਉਨ੍ਹਾਂ ਦੁਵੱਲੇ ਸਮਝੌਤੇ ਲਈ ਸੰਬੰਧਿਤ ਅਧਿਕਾਰੀਆਂ ਅਤੇ ਵਿਦਿਆਰਥੀਆਂ ਨੂੰ ਸ਼ੁਭ ਕਾਮਨਾਵਾਂ ਦਿੱਤੀਆਂ। ਉਪ ਕੁਲਪਤੀ ਡਾ. ਬਾਵਾ ਨੇ ਦੱਸਿਆ ਕਿ ਹੁਣ ਦੋਹੇਂ ਧਿਰਾਂ ਦੇ ਫੈਕਲਟੀ ਮੈਂਬਰ, ਖੋਜਾਰਥੀ ਤੇ ਵਿਦਿਆਰਥੀ ਬੌਧਿਕ ਗਿਆਨ ਦੇ ਆਦਾਨ-ਪ੍ਰਦਾਨ ਅਤੇ ਖੋਜ ਕਾਰਜਾਂ ਲਈ ਸਾਂਝੇ ਤੌਰ 'ਤੇ ਆਨ ਲਾਈਨ, ਆਫ਼ ਲਾਈਨ, ਲੈਕਚਰ, ਵਰਕਸ਼ਾਪ, ਟ੍ਰੇਨਿੰਗ ਪ੍ਰੋਗਰਾਮ, ਮੀਟਿੰਗਾਂ ਆਦਿ ਦਾ ਆਯੋਜਨ ਕਰਨਗੇ ਅਤੇ ਦੋਹੇਂ ਅਦਾਰਿਆਂ ਵੱਲੋਂ ਫੰਡਿੰਗ ਏਜੰਸੀ ਨੂੰ ਸਾਂਝੇ ਤੌਰ 'ਤੇ ਪ੍ਰੋਜੈਕਟ ਵੀ ਜਮ੍ਹਾਂ ਕਰਵਾਏ ਜਾਣਗੇ। ਡਾ. ਡੋਲ ਨੇ ਦੱਸਿਆ ਕਿ ਸਿੱਖਿਆ ਦੇ ਖੇਤਰ ਵਿੱਚ ਆ ਰਹੇ ਬਦਲਾਵਾਂ ਅਤੇ ਵਿਦਿਆਰਥੀਆਂ ਨੂੰ ਸਮੇਂ ਦਾ ਹਾਣੀ ਬਣਾਉਣ ਲਈ ਫੈਕਲਟੀ ਮੈਂਬਰ, ਖੋਜਾਰਥੀ ਅਤੇ ਵਿਦਿਆਰਥੀ ਵੱਖ-ਵੱਖ ਯੂਨੀਵਰਸਿਟੀਆਂ ਦਾ ਵਿਦਿਅਕ ਦੌਰਾ ਵੀ ਕਰਨਗੇ। ਧੰਨਵਾਦੀ ਭਾਸ਼ਣ ਵਿੱਚ ਡਾ. ਜਗਤਾਰ ਸਿੰਘ ਧੀਮਾਨ ਨੇ ਕਿਹਾ ਕਿ ਖੋਜ ਕਾਰਜਾਂ, ਪ੍ਰੋਜੈਕਟਾਂ ਦੀਆਂ ਯੋਜਨਾਵਾਂ ਅਤੇ ਪ੍ਰਬੰਧਨ ਲਈ ਦੋਹੇਂ ਧਿਰਾਂ ਦੁਵੱਲੇ ਸਹਿਯੋਗ ਦਾ ਆਦਾਨ-ਪ੍ਰਦਾਨ ਕਰਨਗੀਆਂ ਤਾਂ ਕਿ ਲੋਕਾਈ ਹਿੱਤ ਅਤੇ ਰੁਜ਼ਗਾਰ ਦੀਆਂ ਨਵੀਆਂ ਸੰਭਾਵਨਾਵਾਂ 'ਤੇ ਕੰਮ ਕੀਤਾ ਜਾ ਸਕੇ। ਉਨ੍ਹਾਂ ਸਵੈ-ਰੁਜ਼ਗਾਰ ਅਤੇ ਨਵੇਂ ਉਦਯੋਗ ਸਥਾਪਿਤ ਕਰਨ ਲਈ ਨਵੀਆਂ ਯੋਜਨਾਵਾਂ 'ਤੇ ਕੰਮ ਕਰਨ ਅਤੇ ਉਨ੍ਹਾਂ ਨੂੰ ਅਸਲੀਅਤ ਦੀ ਧਰਤੀ 'ਤੇ ਉਤਾਰਨ ਦੀ ਗੱਲ ਵੀ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

# ਐਡਵੋਕੇਟ ਧਾਮੀ ਨੇ ਹੁਸ਼ਿਆਰਪੁਰ ਜਿਲ੍ਹੇ ਦੇ ਪਿੰਡ ਚੀਮਾ ਪੋਤਾ'ਚ ਹੋਈ ਬੇਅਦਬੀ ਦੀ ਕੀਤੀ ਸਖ਼ਤ ਨਿੰਦਾ



**ਨਵੀਂ ਦਿੱਲੀ, 18 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**:- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਜਿਲ੍ਹਾ ਹੁਸ਼ਿਆਰਪੁਰ ਦੇ ਪਿੰਡ ਚੀਮਾ ਪੋਤਾ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਬੇਅਦਬੀ ਦੀ ਘਟਨਾ ਦੀ ਸਖ਼ਤ ਸ਼ਬਦਾਂ ਵਿਚ ਨਿੰਦਾ ਕਰਦਿਆਂ ਕਿਹਾ ਕਿ ਸਿੱਖ ਭਾਵਨਾਵਾਂ ਨੂੰ ਸੱਟ ਮਾਰਨ ਵਾਲੀ ਇਸ ਘਟਨਾ ਦੇ ਦੋਸ਼ੀ ਕਿਸੇ ਵੀ ਕੀਮਤ 'ਤੇ ਬਖਸ਼ੇ ਨਹੀਂ ਜਾਣੇ ਚਾਹੀਦੇ। ਉਨ੍ਹਾਂ ਕਿਹਾ ਕਿ ਇਸ ਘਟਨਾ ਦਾ ਪਤਾ ਲੱਗਦਿਆਂ ਹੀ ਸ਼੍ਰੋਮਣੀ ਕਮੇਟੀ ਵੱਲੋਂ ਮੌਕੇ 'ਤੇ ਪਹੁੰਚ ਕੇ ਗੁਰਦੁਆਰਾ ਸ੍ਰੀ ਗਰਨਾ ਸਾਹਿਬ ਦੇ ਮੈਨੇਜਰ ਸ. ਅਵਤਾਰ ਸਿੰਘ ਅਤੇ ਪ੍ਰਚਾਰਕ ਭਾਈ ਕਲਿਆਣ ਸਿੰਘ ਰਾਹੀਂ ਜਾਂਚ ਰਿਪੋਰਟ ਮੰਗੀ ਗਈ ਹੈ। ਉਨ੍ਹਾਂ ਕਿਹਾ ਕਿ ਭਾਵੇਂ ਕਿ ਪਿੰਡ ਵਾਸੀਆਂ ਵੱਲੋਂ ਮੁਕੇਰੀਆਂ ਪੁਲਿਸ ਥਾਣੇ ਵਿਚ ਪਰਚਾ ਦਰਜ ਕਰਵਾ ਦਿਤਾ ਗਿਆ ਹੈ ਪਰ ਸ਼੍ਰੋਮਣੀ ਕਮੇਟੀ ਇਸ ਵਿਚ ਹਰ ਪੱਧਰ ਉਤੇ ਸੰਗਤ ਨੂੰ ਸਹਿਯੋਗ ਦੇਵੇਗੀ ਤਾਂ ਜੋ ਦੋਸ਼ੀਆਂ ਵਿਰੁੱਧ ਕਾਰਵਾਈ ਯਕੀਨੀ ਬਣਾਈ ਜਾ ਸਕੇ। ਉਨ੍ਹਾਂ ਕਿਹਾ ਪੁਲਿਸ ਪ੍ਰਸ਼ਾਸਨ ਦੀ ਜ਼ੁੰਮੇਵਾਰੀ ਬਣਦੀ ਹੈ ਕਿ ਉਹ ਦੋਸ਼ੀਆਂ ਦੀ ਭਾਲ ਕਰੇ ਅਤੇ ਜੇਕਰ ਕਿਸੇ ਤਰ੍ਹਾਂ ਦੀ ਢਿੱਲ ਵਰਤੀ ਗਈ ਤਾਂ ਸੰਗਤ ਦੇ ਰੋਸ ਅਤੇ ਰੋਹ ਦੀ ਜ਼ੁੰਮੇਵਾਰੀ ਸਰਕਾਰ ਦੀ ਹੋਵੇਗੀ। ਉਨ੍ਹਾਂ ਕਿਹਾ ਕਿ ਇਸ ਘਟਨਾ ਪਿੱਛੇ ਕੰਮ ਕਰਦੀਆਂ ਤਾਕਤਾਂ ਨੂੰ ਵੀ ਨਸ਼ਰ ਕੀਤਾ ਜਾਣਾ ਚਾਹੀਦਾ ਹੈ। ਐਡਵੋਕੇਟ ਧਾਮੀ ਨੇ ਆਖਿਆ ਕਿ ਪੰਜਾਬ ਅੰਦਰ ਬੇਅਦਬੀ ਦੀਆਂ ਘਟਨਾਵਾਂ ਦੇ ਮਾਮਲੇ ਲਗਾਤਾਰ ਵਾਪਰ ਰਹੇ ਹਨ, ਪਰ ਸਰਕਾਰ ਦੀ ਢਿੱਲੀ ਕਾਰਗੁਜਾਰੀ ਕਰਕੇ ਦੋਸ਼ੀ ਬਚ ਨਿਕਲਦੇ ਹਨ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਆਖਿਆ ਕਿ ਅੱਜ ਵਾਲੀ ਘਟਨਾ ਨੇ ਇਕ ਵਾਰ ਫਿਰ ਸਿੱਖਾਂ ਨੇ ਨਾਲ-ਨਾਲ ਹਰ ਸੰਜੀਦਾ ਮਨੁੱਖ ਝੰਜੋੜਿਆ ਹੈ। ਐਡਵੋਕੇਟ ਧਾਮੀ ਨੇ ਮੰਗ ਕੀਤੀ ਕਿ ਬੇਅਦਬੀਆਂ ਦੇ ਮਾਮਲੇ ਵਿਚ ਸਖ਼ਤ ਸਜ਼ਾਵਾਂ ਦਾ ਪ੍ਰਬੰਧ ਬੇਹੱਦ ਲਾਜ਼ਮੀ ਹੋਵੇ ਅਤੇ ਅਜਿਹੇ ਮਾਮਲਿਆਂ ਵਿਚ ਤੇਜ਼ੀ ਨਾਲ ਅਦਾਲਤੀ ਸੁਣਵਾਈ ਯਕੀਨੀ ਬਣੇ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਸੰਗਤ ਨੂੰ ਵੀ ਅਪੀਲ ਕੀਤੀ ਕਿ ਗੁਰਦੁਆਰਾ ਸਾਹਿਬਾਨ ਅੰਦਰ ਸੀਸੀਟੀਵੀ ਕੈਮਰੇ ਰਾਹੀਂ ਨਿਗਰਾਨੀ ਅਤੇ ਸੁਰੱਖਿਆ ਦੇ ਪੁਖਤਾ ਇਤਜ਼ਾਮ ਕਰਨ ਅਤੇ ਪਹਿਰੇਦਾਰੀ ਲਈ ਹਰ ਸਮੇਂ ਸੇਵਾਦਾਰ ਗੁਰਦੁਆਰਾ ਸਾਹਿਬਾਨ 'ਚ ਹਾਜ਼ਰ ਰਹਿਣ।

ਆਵਾਜ਼ਿ ਕੌਮ AWAZE QAUM International Newspaper & WEB TV

# ਸੇਵਾ ਭਾਰਤੀ ਫ਼ਿਰੋਜ਼ਪੁਰ ਸ਼ਹਿਰ ਇਕਾਈ ਨੇ ਕੀਤਾ ਕੰਜਕ ਪੂਜਣ—ਤਰਲੋਚਨ ਚੋਪੜਾ




ਫ਼ਿਰੋਜ਼ਪੁਰ, 18 ਅਪ੍ਰੈਲ (ਮਨੋਹਰ ਲਾਲ) :— ਸੇਵਾ ਭਾਰਤੀ ਫ਼ਿਰੋਜ਼ਪੁਰ ਸ਼ਹਿਰ ਇਕਾਈ ਵੱਲੋਂ ਬਾਬਾ ਰਾਮ ਦੇਵ ਬਾਲ ਸੰਸਕਾਰ ਕੇਂਦਰ ਦੇ 51 ਬੱਚਿਆਂ ਨਾਲ਼ ਕੰਜਕ ਪੂਜਨ ਕੈਲਾਸ਼ ਸ਼ਰਮਾ ਉੱਘੇ ਸਮਾਜ ਸੇਵੀ ਤੇ ਧਾਰਮਿਕ ਸੰਸਥਾਵਾਂ ਦੇ ਕਨਵੀਨਰ ਦੇ ਨਿਵਾਸ ਸਥਾਨ ਤੇ ਕੀਤਾ ਗਿਆ। ਇਸ ਮੌਕੇ ਤੇ ਭਗਤੀ ਭਜਨ ਗਰੁੱਪ ਵੱਲੋਂ ਮਾਤਾ ਦੀਆਂ ਭੇਟਾਂ ਦਾ ਗੁਣਗਾਨ ਕੀਤਾ ਗਿਆ, ਜਿਸ ਉਪਰੰਤ ਦੇਵੀ ਰੂਪ ਕੰਜਕ ਦਾ ਪੂਜਣ ਕੀਤਾ ਗਿਆ। ਇਸ ਮੌਕੇ ਬੱਚਿਆਂ ਨੇ ਤੇ ਸੰਗਤਾਂ ਨੇ ਭਗਤੀ ਸੰਗੀਤ ਦਾ ਆਨੰਦ ਮਾਣਿਆ ਤੇ ਖੂਬ ਝੂੰਮੇ। ਇਸ ਪ੍ਰੋਗ੍ਰਾਮ ਵਿੱਚ ਕੰਜਕ ਪੂਜਨ ਸ਼੍ਰੀ ਧਰਮ ਪਾਲ ਬਾਂਸਲ ਡਾਇਰੈਕਟਰ ਹਾਰਮਨੀ ਆਯੁਰਵੈਦਿਕ ਕਾਲਜ ਤੇ ਸਰਕਸ਼ਕ ਸੇਵਾ ਭਾਰਤੀ ਦੇ ਪਰਿਵਾਰ ਵੱਲੋਂ ਨਿਭਾਈ ਗਈ। ਇਸ ਪ੍ਰੋਗਰਾਮ ਵਿਚ ਸੇਵਾ ਭਾਰਤੀ ਵੱਲੋਂ ਬੱਚਿਆਂ ਨੂੰ ਕਾਪੀਆਂ, ਬਾਲ ਪੈਨ, ਫਰੂਟੀ, ਪ੍ਰਸ਼ਾਦ ਵਿਤਰਣ ਕੀਤਾ ਗਿਆ ਤੇ ਘਰ ਵਾਲਿਆਂ ਵੱਲੋਂ ਜਲ ਜ਼ੀਰਾ, ਸਮੋਸੇ, ਕੁਰਕਰੇ, ਬਿਸਕੁੱਟ ਖਾਣ ਨੂੰ ਦਿੱਤੇ ਅਤੇ ਕੰਜਕਾਂ ਨੂੰ ਚੁਨਰੀ ਪਹਿਨਾ ਕੇ ਉਹਨਾਂ ਦਾ ਸਵਾਗਤ ਕੀਤਾ ਗਿਆ।ਇਸ ਮੌਕੇ ਤੇ ਸ਼੍ਰੀਮਤੀ ਕਿਰਨ ਬਾਂਸਲ, ਪ੍ਰਿੰਕਾ ਬਾਂਸਲ, ਆਸ਼ਾ ਸ਼ਰਮਾ, ਵੀਨੂੰ ਦੁਰੇਜਾ, ਰਿਚਾ ਦੁਰੇਜਾ, ਪੂਨਮ ਮਨਚੰਦਾ, ਜਸਵੰਤ ਕੁਮਾਰ ਮਦਾਨ, ਪਰਵੇਸ਼ ਸਿਡਾਨਾ, ਅਸ਼ੋਕ ਗਰਗ, ਗੌਰਵ ਅਨਮੋਲ, ਰਕੇਸ਼ ਪਾਠਕ, ਹਿੰਮਤ ਸਿਆਲ, ਬੈਂਕ ਅਧਿਕਾਰੀ ਛਾਬੜਾ ਜੀ, ਅਜੇ ਜੀ, ਸੁਨੀਲ ਦੱਤ, ਵਿਜੈ ਬਹਿਲ, ਸੂਰਜ ਮਹਿਤਾ ਕਾਰਜਕਰਤਾ ਵਿਸ਼ਵ ਹਿੰਦੂ ਪਰਿਸ਼ਦ, ਅਸ਼ੋਕ ਕੱਕੜ, ਚੇਤਨ ਸ਼ਰਮਾ, ਜੇ.ਐਸ ਮਾਂਗਟ ਆਦਿ ਨੇ ਪ੍ਰੋਗਰਾਮ ਵਿੱਚ ਹਾਜ਼ਰੀ ਲਗਵਾ ਕੇ ਰੌਣਕਾਂ ਵਧਾਈਆਂ ਤੇ ਤਰਲੋਚਨ ਚੋਪੜਾ ਪ੍ਰਧਾਨ ਨੇ ਪ੍ਰੋਗਰਾਮ ਵਿੱਚ ਪਹੁੰਚਿਆਂ ਸੰਗਤਾਂ ਦਾ ਧੰਨਵਾਦ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

# ਪੰਜਾਬ ਜੇਲ ਵਿਭਾਗ ਤੋਂ ਆਪਣੇ ਬਣਦੇ ਸਰਵਿਸ ਦੇ ਸਾਰੇ ਲਾਭ ਦੇਣ ਦੀ ਹਰੀ ਸਿੰਘ ਪੁੱਤਰ ਕਿਸ਼ਨ ਸਿੰਘ ਨੇ ਲਾਈ ਗੁਹਾਰ



ਫ਼ਿਰੋਜ਼ਪੁਰ, 18 ਅਪ੍ਰੈਲ (ਮਨੋਹਰ ਲਾਲ) :— ਹਰੀ ਸਿੰਘ ਪੁੱਤਰ ਕਿਸ਼ਨ ਚੰਦ ਦਫਤਰ ਸਹਾਇਕ ਜੇਲ੍ਹ ਫ਼ਿਰੋਜ਼ਪੁਰ ਨੇ ਪੰਜਾਬ ਦੇ ਜੇਲ੍ਹ ਵਿਭਾਗ ਤੋਂ ਮੰਗ ਕੀਤੀ ਕਿ ਮੇਰੇ ਬਣਦੇ ਲਾਭ ਸਰਵਿਸ ਦੇ ਦਿੱਤੇ ਜਾਣ। ਇਸ ਸਬੰਧੀ ਜਾਣਕਾਰੀ ਦਿੰਦਿਆਂ ਹਰੀ ਸਿੰਘ ਪੁੱਤਰ ਕਿਸ਼ਨ ਚੰਦ ਦਫਤਰ ਸਹਾਇਕ ਜੇਲ੍ਹ ਫ਼ਿਰੋਜ਼ਪੁਰ ਪਿੰਡ ਰੱਤਾ ਖੇੜਾ ਪੰਜਾਬ ਸਿੰਘ ਵਾਲਾ ਨੇ ਕਿਹਾ ਕਿ ਮੈਨੂੰ ਜੇਲ੍ਹ ਵਿਭਾਗ ਦੇ ਸਾਰੇ ਲਾਭ ਨਹੀਂ ਮਿਲੇ ਸੀ, ਜਿਸ ਕਰਕੇ ਮੈਂ ਜੇਲ੍ਹ ਵਿਭਾਗ ਪੰਜਾਬ, ਮਨੁੱਖੀ ਅਧਿਕਾਰ ਅਤੇ ਮਾਨਯੋਗ ਹਾਈਕੋਰਟ ਦਾ ਦਰਵਾਜਾ ਖੜਕਾਇਆ, ਜਿਸ ਤੇ ਪੰਜਾਬ ਸਰਕਾਰ ਨੇ 2 ਮਾਰਚ 2022 ਨੂੰ ਪੱਤਰ ਲਿਖ ਕੇ ਸਾਰੇ ਬਣਦੇ ਲਾਭ ਦੇਣ ਲਈ ਕਿਹਾ, ਪਰ ਜੇਲ੍ਹ ਵਿਭਾਗ ਨੇ ਹਾਲੇ ਤੱਕ ਮੈਨੂੰ ਬਣਦੇ ਲਾਭ ਨਹੀਂ ਦਿੱਤੇ।ਉਨ੍ਹਾਂ ਕਿਹਾ ਕਿ ਮੈਂ ਇਕ ਵਾਰ ਫਿਰ ਪੰਜਾਬ ਜੇਲ੍ਹ ਵਿਭਾਗ ਦੇ ਉੱਚ ਅਧਿਕਾਰੀਆਂ ਤੋਂ ਮੰਗ ਕਰਦਾ ਹਾਂ ਕਿ ਮੈਨੂੰ ਮੇਰੇ ਸਾਰੇ ਬਣਦੇ ਸਰਵਿਸਿ ਲਾਭ ਪਹਿਲ ਦੇ ਆਧਾਰ ਤੇ ਦਿੱਤੇ ਜਾਣ ਤਾਂ ਜ਼ੋ ਮੈਂ ਆਪਣੀ ਬੁਢਾਪੇ ਦੀ ਜਿੰਦਗੀ ਸਹੀ ਜੀਅ ਸਕਾ।

ਆਵਾਜ਼ਿ ਕੌਮ AWAZE QAUM International Newspaper & WEB TV

### ਪ੍ਰਵਾਸੀ ਭਾਈਚਾਰੇ ਦੇ ਮਸਲੇ

# ਹਰ ਹਾਲ 'ਚ ਹੱਲ ਕੀਤੇ ਜਾਣਗੇ- ਤਰਨਜੀਤ ਸਿੰਘ ਸੰਧੂ





**ਅੰਮ੍ਰਿਤਸਰ, 18 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)-** ਅੰਮ੍ਰਿਤਸਰ ਲੋਕ ਸਭਾ ਹਲਕੇ ਤੋਂ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਅਤੇ ਅਮਰੀਕਾ 'ਚ ਭਾਰਤ ਦੇ ਸਾਬਕਾ ਰਾਜਦੂਤ ਤਰਨਜੀਤ ਸਿੰਘ ਸੰਧੂ ਸਮੁੰਦਰੀ ਦੇ ਚੋਣ ਮੁਹਿੰਮ ਨੂੰ ਪਰਵਾਸੀ ਭਾਈਚਾਰੇ ਵੱਲੋਂ ਪੂਰਨ ਸਮਰਥਨ ਮਿਲ ਰਿਹਾ ਹੈ। ਅੱਜ ਫ਼ਤਿਹਗੜ੍ਹ ਚੂੜੀਆਂ ਰੋਡ ਵਿਖੇ ਪੰਚਾਇਤ ਵਿਚ ਭਾਜਪਾ ਆਗੂ ਅਨੁਜ ਭੰਡਾਰੀ ਵੱਲੋਂ ਕਰਾਈ ਗਈ ਪ੍ਰਵਾਸੀ ਭਾਈਚਾਰੇ ਦੀ ਇਕ ਚੋਣ ਰੈਲੀ ਦੌਰਾਨ ਪ੍ਰਵਾਸੀ ਭਾਈਚਾਰੇ ਦੇ ਲੋਕਾਂ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਜਿੰਦਾਬਾਦ, ਤਰਨਜੀਤ ਸਿੰਘ ਸੰਧੂ ਜ਼ਿੰਦਾਬਾਦ ਦੇ ਨਾਅਰਿਆਂ ਨਾਲ ਅਸਮਾਨ ਗੂੰਜਾ ਛੱਡਿਆ।

**ਫ਼ਤਿਹਗੜ੍ਹ ਚੂੜੀਆਂ ਰੋਡ ਵਿਖੇ ਪੰਚਾਇਤ ਵਿਚ ਪ੍ਰਵਾਸੀ ਭਾਈਚਾਰੇ ਨੇ ਮੋਦੀ ਜ਼ਿੰਦਾਬਾਦ, ਤਰਨਜੀਤ ਸਿੰਘ ਸੰਧੂ ਜ਼ਿੰਦਾਬਾਦ ਦੇ ਨਾਅਰਿਆਂ ਨਾਲ ਅਸਮਾਨ ਗੂੰਜਾ ਛੱਡਿਆ**

ਪ੍ਰਵਾਸੀ ਭਾਈਚਾਰੇ ਲੋਕਾਂ ਦੇ ਪ੍ਰਧਾਨ ਰਾਮਦਾਸ ਅਤੇ ਰਾਮ ਬਾਲਕ ਨੇ ਤਰਨਜੀਤ ਸਿੰਘ ਸੰਧੂ ਨੂੰ ਦੱਸਿਆ ਕਿ ਉਨ੍ਹਾਂ ਤੋਂ ਲੀਡਰ ਵੋਟ ਮੰਗਣ ਤਾਂ ਜ਼ਰੂਰ ਆਉਂਦੇ ਹਨ ਪਰ ਬਾਅਦ ਵਿਚ ਕਦੀ ਉਨ੍ਹਾਂ ਦੀ ਸਾਰ ਨਹੀਂ ਲਈ ਹੈ। ਉਨ੍ਹਾਂ ਕਿਹਾ ਕਿ ਅੱਜ ਵੀ ਉਹ ਮਾੜੀਆਂ ਸੜਕਾਂ, ਸੀਵਰੇਜ, ਗੰਦੇ ਪਾਣੀ, ਪੀਣ ਯੋਗ ਸਾਫ਼ ਪਾਣੀ ਅਤੇ ਸਟਰੀਟ ਲਾਈਟ ਅਤੇ ਬਿਜਲੀ ਦੀ ਮਾੜੀ ਹਾਲਤ ਨਾਲ ਜੂਝਣ ਲਈ ਮਜਬੂਰ ਹਨ। ਉਨ੍ਹਾਂ ਕਿਹਾ ਕਿ ਅੱਜ ਤਕ ਇਨ੍ਹਾਂ ਲੋਕਾਂ ਨੇ ਸਾਨੂੰ ਠਗਿਆ ਹੈ। ਪਰ ਸਾਨੂੰ ਤੁਹਾਡੇ ( ਤਰਨਜੀਤ ਸਿੰਘ ਸੰਧੂ ) ਤੋਂ ਬੜੀਆਂ ਆਸਾਂ ਉਮੀਦਾਂ ਹਨ। ਸਾਨੂੰ ਪ੍ਰਧਾਨ ਮੰਤਰੀ 'ਤੇ ਵਿਸ਼ਵਾਸ ਹੈ। ਉਨ੍ਹਾਂ ਸਾਨੂੰ ਮੈਡੀਕਲ ਸਹੂਲਤਾਂ ਅਤੇ ਰੋਟੀ ਲਈ ਕਣਕ ਦਿੱਤੀ ਹੈ। ਇਸ 'ਤੇ ਭਾਜਪਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਨੇ ਕਿਹਾ ਕਿ ਫੋਕੇ ਵਾਅਦੇ ਨਹੀਂ ਤਕਨੀਕ, ਕੇਂਦਰ ਦੇ ਸਾਥ ਤੇ ਸਾਂਝੇ ਯਤਨਾਂ ਨਾਲ ਸਾਰੇ ਮਸਲੇ ਹੱਲ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਭਾਜਪਾ ਦਾ ਇਹ ਕਾਫ਼ਲਾ ਅੰਮ੍ਰਿਤਸਰ ਦੇ ਪਿੰਡਾਂ ਤੇ ਸ਼ਹਿਰਾਂ ਦਾ ਕਾਇਆ ਕਲਪ ਕਰਨ ਲਈ ਵਚਨਬੱਧ ਹੈ। ਕਿਰਪਾਲ ਐਵੀਨਿਊ ਅੰਮ੍ਰਿਤਸਰ ਵਿਖੇ ਵੱਡੀ ਗਿਣਤੀ ਵਿੱਚ ਵਿੱਚ ਹੋਏ ਇਲਾਕਾ ਵਾਸੀਆਂ ਦੇ ਇਕੱਠ ਨੂੰ ਸੰਬੋਧਨ ਕੀਤਾ ਅਤੇ ਇਲਾਕੇ ਦੇ ਮੁੱਦਿਆਂ ਬਾਰੇ ਵਿਚਾਰ ਚਰਚਾ ਕੀਤੀ। ਇਸ ਇੱਕਠ ਵਿੱਚ ਵੱਡੀ ਗਿਣਤੀ ਵਿੱਚ ਪਹੁੰਚੀਆਂ ਬੀਬੀਆਂ ਨੇ ਇਹ ਸਾਬਿਤ ਕਰ ਦਿੱਤਾ ਹੈ ਕਿ ਅੱਜ ਸਾਡੀਆਂ ਮਾਤਾਵਾਂ, ਭੈਣਾਂ ਤੇ ਬੇਟੀਆਂ ਦੇਸ਼ ਦੇ ਭਵਿੱਖ ਦਾ ਫੈਸਲਾ ਕਰਨ ਲਈ ਪੂਰੀ ਤਰ੍ਹਾਂ ਸਮਰੱਥ ਅਤੇ ਜਾਗਰੂਕ ਹਨ। ਮੈਂ ਭਰੋਸਾ ਦੇਂਦਾ ਹਾਂ ਕਿ ਅਸੀਂ ਕਿਸੇ ਵੀ ਵਰਗ ਜਾਂ ਇਲਾਕੇ ਨੂੰ ਵਿਕਾਸ ਅਤੇ ਤਰੱਕੀ ਤੋਂ ਵਾਂਝਾ ਨਹੀਂ ਰਹਿਣ ਦੇਵਾਂਗੇ। ਸੰਧੂ ਸਮੁੰਦਰੀ ਨੇ ਕਿਹਾ ਕਿ ਅਜ਼ਾਦੀ ਹਾਸਲ ਕਰਨ ਸਮੇਂ ਅੰਮ੍ਰਿਤਸਰ ਹਰ ਪੱਖੋਂ ਦੇਸ਼ ਦੇ 10 ਚੁਣਵੇਂ ਸ਼ਹਿਰਾਂ 'ਚ ਆਉਂਦਾ ਸੀ, ਪਰ ਅੱਜ ਸ਼ਹਿਰ ਦੀ ਹਾਲਤ ਕਿਸੇ ਤੋਂ ਛੁਪਿਆ ਨਹੀਂ ਰਿਹਾ। ਉਨ੍ਹਾਂ ਕਿਹਾ ਉਹ ਕਿਸੇ ਵੀ ਇਲਜਾਮਬਾਜ਼ੀ ਦੀ ਸਿਆਸਤ 'ਚ ਵਿਸ਼ਵਾਸ ਨਹੀਂ ਰੱਖਦਾ ਫਿਰ ਵੀ ਸਵਾਲ ਪੈਦਾ ਹੁੰਦਾ ਹੈ ਕਿ ਪਿਛਲੇ 7 ਸ਼ਾਲਾਂ ਤੋਂ ਇੱਥੋਂ ਦੀ ਨੁਮਾਇੰਦਗੀ ਕਰਨ ਵਾਲਿਆਂ ਨੇ ਸ਼ਹਿਰ ਲਈ ਕੀ ਕੀਤਾ? ਉਨ੍ਹਾਂ ਕਿਹਾ ਕਿ ਦ੍ਰਿੜ੍ਹਤਾ ਨਾਲ ਕਹਿੰਦਾ ਹਾਂ ਕਿ ਮੈਂ ਤੁਹਾਨੂੰ ਨਤੀਜੇ ਦਿਆਂਗਾ। ਇਹ ਸੁਣਦਿਆਂ ਹੀ ਪ੍ਰਵਾਸੀ ਭਾਈਚਾਰੇ ਨੇ ਵੀ ਆਪਣੇ ਪਨ ਦਾ ਇਜ਼ਹਾਰ ਕੀਤਾ ਅਤੇ ਐਲਾਨ ਕੀਤਾ ਕਿ ਜੇ ਇਹ ਗਲ ਹੈ ਤਾਂ ਪ੍ਰਵਾਸੀ ਭਾਈਚਾਰੇ ਦਾ ਹਰੇਕ ਮੈਂਬਰ ਅੱਜ ਤੋਂ ਤੁਹਾਡਾ ਹੋਇਆ। ਸਰਦਾਰ ਸੰਧੂ ਨੇ ਪ੍ਰਵਾਸੀਆਂ ਦੀਆਂ ਸਮੱਸਿਆਵਾਂ ਨੂੰ ਬੜੇ ਧਿਆਨ ਨਾਲ ਸੁਣਿਆ ਅਤੇ ਉਨ੍ਹਾਂ ਦੇ ਭਵਿਖ ਅਤੇ ਹੱਲ ਦੀਆਂ ਅਸੀਮ ਸੰਭਾਵਨਾਵਾਂ 'ਤੇ ਚਰਚਾ ਕੀਤੀ।

### ਪੰਥਕ ਰਿਵਾਇਤਾਂ ਨੂੰ ਸੁਰਜੀਤ ਰੱਖਦਿਆਂ

# ਸਿੱਖ ਯੋਧੇ ਸ਼ਹੀਦ ਸਿੰਘ ਦੀ ਲਾਸ਼ ਦੇ ਸਨਮਾਨ ਲਈ ਪਹੁੰਚੇ ਹਰਿਦੁਆਰ

**ਅੰਮ੍ਰਿਤਸਰ, 18 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)-**ਬੀਤੇ ਦਿਨੀ ਉਤਰਾਖੰਡ ਵਿੱਚ ਸਥਿੱਤ ਗੁਰਦੁਆਰਾ ਸ੍ਰੀ ਨਾਨਕਮੱਤਾ ਸਾਹਿਬ ਵਿਖੇ ਉਥੋਂ ਦੇ ਮੁੱਖਮੰਤਰੀ ਦੀ ਆਮਦ ਨੂੰ ਲੈਕੇ ਉਥੋਂ ਦੇ ਕਥਿਤ ਡੇਰਾ ਚਾਲਕ ਬਾਬਾ ਤਰਸੇਮ ਸਿੰਘ ਨੇ ਆਪਣੀਆਂ ਧਾਰਮਿਕ ਪ੍ਰੰਪਰਾਵਾਂ ਨੂੰ ਤੋੜਦਿਆਂ ਆਪਣੀਆਂ ਸੇਵਾਦਾਰਨੀਆ ਨੂੰ ਗੁਰੂ ਕੀ ਹਜੂਰੀ ਵਿੱਚ ਨਚਾਕੇ ਜੋ ਗੁਰਮਰਿਆਦਾ ਦਾ ਹਨਨ ਕੀਤਾ ਗਿਆ ਸੀ ਉਸਦੇ ਰੋਸ ਵਿੱਚ ਗੁਰੂ ਦੀ ਬੇਅਦਬੀ ਨੂੰ ਨਾ ਸਹਾਰਦਿਆਂ ਹੋਇਆਂ ਸਿੱਖ ਮਰਜੀਵੜਿਆਂ ਭਾਈ ਅਮਰਜੀਤ ਸਿੰਘ ਬਿੱਟੂ ਅਤੇ ਉਹਨਾਂ ਦੇ ਇਕ ਸਾਥੀ ਨੇ ਮਿਲ ਕੇ ਬਾਬਾ ਤਰਸੇਮ ਸਿੰਘ ਦਾ ਸੋਧਾ ਲਗਾ ਦਿੱਤਾ ਸੀ। ਜਿਸਦੇ ਬਾਅਦ ਵਿੱਚ ਉਹਨਾਂ ਵੱਲੋਂ ਪੂਰੇ ਹੋਸ਼ੋ ਹਵਾਸ ਸਹਿਤ ਸਿੱਖ ਮਰਿਆਦਾਵਾਂ ਦੀ ਇੱਜਤ ਬਹਾਲੀ ਦੇ ਹੱਕ ਵਿੱਚ ਪੂਰਨ ਰੂਪ ਬਾਬਾ ਤਰਸੇਮ ਸਿੰਘ ਨੂੰ ਮਾਰਨ ਦੀ ਜਿੰਮੇਵਾਰੀ ਵੀ ਲੈ ਲਈ ਗਈ ਸੀ। ਪ੍ਰੰਤੂ ਮੌਕੇ ਦੀਆਂ ਸਿੱਖ ਵਿਰੋਧੀ ਸਰਕਾਰਾਂ ਨੇ ਉਕਤ ਯੋਧੇ ਭਾਈ ਅਮਰਜੀਤ ਸਿੰਘ ਬਿੱਟੂ ਨੂੰ ਗ੍ਰਿਫਤਾਰ ਕਰਕੇ ਉਸਦੇ ਵਿਰੁੱਧ ਬਣਦੇ ਕਨੂੰਨਾਂ ਅਤੇ ਧਾਰਾਵਾਂ ਤਹਿਤ ਮੁਕੱਦਮਾਂ ਚਲਾਉਣ ਦੀ ਕਾਰਵਾਈ ਨੂੰ ਦਰ-ਕਿਨਾਰ ਕਰਦਿਆਂ ਹਰਿਦੁਆਰ ਦੇ ਥਾਣਾਂ ਭਗਵਾਨਪੁਰ ਦੀ ਪੁਲਿਸ ਵੱਲੋਂ ਝੂਠਾ ਪੁਲਿਸ ਮੁਕਾਬਲਾ ਬਣਾਂਕੇ ਸ਼ਹੀਦ ਕਰ ਦਿੱਤਾ ਗਿਆ ਅਤੇ ਦੂਸਰਾ ਸਿੰਘ ਅਜੇ ਫਰਾਰ ਦੱਸਿਆ ਜਾ ਰਿਹਾ ਹੈ। ਇਸ ਉਪਰੰਤ ਸ਼ਹੀਦ ਭਾਈ ਅਮਰਜੀਤ ਸਿੰਘ ਬਿੱਟੂ ਨੂੰ ਲਾਵਾਰਿਸ ਕਹਿ ਕੇ ਕਾਫੀ ਦਿਨ ਉਥੋਂ ਦੇ ਮੁਰਦਾਘਾਟ ਵਿੱਚ ਰੁਲਣ ਲਈ ਰੱਖ ਦਿੱਤਾ ਗਿਆ, ਪਰ ਜਦੋਂ ਇਸ ਗੱਲ ਦੀ ਖ਼ਬਰ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਜੁਝਾਰੂ ਸਿੰਘ ਭਾਈ ਬਲਵੰਤ ਸਿੰਘ ਜੀ ਗੋਪਾਲਾ ਜੀ ਨੂੰ ਲੱਗੀ ਤਾਂ ਉਹਨਾਂ ਪਾਰਟੀ ਲੀਡਰਸ਼ਿਪ ਨਾਲ ਸਲਾਹ ਮਸ਼ਵਰੇ ਉਪਰੰਤ ਪਾਰਟੀ ਸੁਪਰੀਮੋ ਐਮ ਪੀ ਸ੍ਰ ਸਿਮਰਨਜੀਤ ਸਿੰਘ ਜੀ ਮਾਨ ਤੋਂ ਅਗਵਾਈ ਪੱਤਰ ਨਾਲ ਆਪਣੇਂ ਨਾਲ ਬਾਬਾ ਲਹਿਣਾਂ ਸਿੰਘ ਜੀ ਨੂੰ ਲੈਕੇ ਹਰਿਦੁਆਰ ਸ਼ਹੀਦ ਭਾਈ ਅਮਰਜੀਤ ਸਿੰਘ ਬਿੱਟੂ ਦੀ ਲਾਵਾਰਿਸ ਕਹਿ ਕੇ ਮੁਰਦਾਘਰ ਚ' ਰੱਖੀ ਲਾਸ਼ ਲੈਣ ਲਈ ਚਾਲੇ ਪਾਏ ਗਏ। ਜਿਕਰਯੋਗ ਹੈ ਕਿ ਇਸ ਸਾਰੀ ਕਾਰਵਾਈ ਵਿੱਚ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਦੋਨੋ ਜਰਨਲ ਸਕੱਤਰ ਸ੍ਰ ਹਰਪਾਲ ਸਿੰਘ ਬਲੇਰ ਅਤੇ ਸ੍ਰ ਉਪਕਾਰ ਸਿੰਘ ਸੰਧੂ ਜੀ ਦਾ ਵੀ ਵੱਡਾ ਯੋਗਦਾਨ ਰਿਹਾ। ਭਾਈ ਗੋਪਾਲਾ ਅਤੇ ਬਾਬਾ ਲਹਿਣਾਂ ਜੀ ਨੂੰ ਉਥੇ ਪਹੁੰਚਦਿਆਂ ਹੀ ਹਰਿਦੁਆਰ ਪੁਲਿਸ ਵੱਲੋਂ ਗ੍ਰਿਫਤਾਰ ਕਰ ਲਿਆ ਗਿਆ ਪ੍ਰੰਤੂ ਜਦੋਂ ਉਕਤ ਸਿੰਘਾਂ ਵੱਲੋਂ ਆਪਣੀਆਂ ਸਿੱਖੀ ਪ੍ਰੰਪਰਾਵਾਂ ਤੇ ਰਿਵਾਇਤਾਂ ਦਾ ਹਵਾਲਾਂ ਦਿੰਦਿਆਂ ਪਾਰਟੀ ਤਰਫੋਂ ਲਾਵਾਰਿਸ ਕਹਿ ਕੇ ਰੱਖੀ ਗਈ ਸ਼ਹੀਦ ਭਾਈ ਅਮਰਜੀਤ ਸਿੰਘ ਮਿੱਟੂ ਜੀ ਦੀ ਲਾਸ਼ ਦੇ ਸਿੱਖ ਵਾਰਿਸ ਬਣਕੇ ਆਏ ਹੋਣ ਬਾਰੇ ਦੱਸਿਆ ਗਿਆ ਤਾਂ ਸਬੰਧਤ ਪ੍ਰਸ਼ਾਸ਼ਨ ਨੂੰ ਉਹਨਾਂ ਨੂੰ ਮਜਬੂਰਨ ਰਿਹਾ ਕਰਨਾ ਪਿਆ ਅਤੇ ਦੱਸਿਆ ਕੇ ਕੁਝ ਦਿਨ ਪਹਿਲਾਂ ਹੀ ਉਕਤ ਸ਼ਹੀਦ ਅਮਰਜੀਤ ਸਿੰਘ ਬਿੱਟੂ ਜੀ ਦੇ ਪਰਿਵਾਰਕ ਮੈਂਬਰਾਂ ਨੂੰ ਬੁਲਾਕੇ ਉਧਮ ਸਿੰਘ ਨਗਰ ਵਿਖੇ ਉਹਨਾਂ ਦੀ ਦੇਹ ਦਾ ਅੰਤਿਮ ਸੰਸਕਾਰ ਕਰ ਦਿੱਤਾ ਗਿਆ ਹੈ। ਜਿਸ ਤੇ ਹਰਿਦੁਆਰ ਦੇ ਡੀ ਸੀ ਸਾਹਿਬ ਨੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਸੁਪਰੀਮੋਂ ਸ੍ਰ ਸਿਮਰਨਜੀਤ ਸਿੰਘ ਜੀ ਮਾਨ ਵੱਲੋਂ ਭੇਜਿਆ ਪੱਤਰ ਭਾਈ ਗੋਪਾਲਾ ਅਤੇ ਬਾਬਾ ਲਹਿਣਾਂ ਜੀ ਪਾਸੋਂ ਬਾ-ਇੱਜਤ ਮਸੂਲ ਕੀਤਾ ਅਤੇ ਸਿੱਖ ਜਜ਼ਬੇ ਨੂੰ ਸਰਾਹਿਆ। ਫੋਨ ਤੇ ਗੱਲਬਾਤ ਦੌਰਾਨ ਭਾਈ ਬਲਵੰਤ ਸਿੰਘ ਜੀ ਗੋਪਾਲਾ ਅਤੇ ਬਾਬਾ ਲਹਿਣਾਂ ਜੀ ਨੇ ਦੱਸਿਆ ਕਿ ਗੁਰੂ ਕੇ ਮਰਜੀਵੜੇ ਸਿੱਖ ਪਰੰਪਰਾਵਾਂ ਨੂੰ ਕਦੇ ਵੀ ਦਾਗ ਨਹੀਂ ਲੱਗਣ ਦਿੰਦੇ ਅਤੇ ਜਦੋਂ ਤੱਕ ਜਾਨ ਹੈ ਸਿੱਖੀ ਅਤੇ ਗੁਰੂ ਕੇ ਸਿੱਖਾਂ ਲਈ ਇਸ ਸਰੀਰ ਦਾ ਕਤਰਾ-ਕਤਰਾ ਵੀ ਕੁਰਬਾਨ ਹੈ।



**ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਮਰਦੇ ਦਮ ਤੱਕ ਸਦੈਵ ਸ਼ਹੀਦਾਂ ਸਿੰਘਾਂ ਦੀ ਪਿੱਠ ਤੇ ਖੜਾ : ਭਾਈ ਗੋਪਾਲਾ ਅਤੇ ਬਾਬਾ ਲਹਿਣਾਂ ਜੀ**

# ਟੀ.ਬੀ.ਐਸ ਸਕੂਲ ਵਿਚ ਕਰਵਾਇਆ ਸਮਾਗਮ



ਫ਼ਿਰੋਜ਼ਪੁਰ, 18 ਅਪ੍ਰੈਲ (ਮਨੋਹਰ ਲਾਲ) :— ਮੋਗਾ ਰੋਡ 'ਤੇ ਸਥਿਤ ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਜੋ ਕਿ ਚੇਅਰਮੈਨ ਡਾ: ਹੀਰਾ ਲਾਲ ਸ਼ਰਮਾ, ਵਾਈਸ ਚੇਅਰਮੈਨ ਵਿਭੋਰ ਸ਼ਰਮਾ, ਜਨਰਲ ਸਕੱਤਰ ਸ਼ਿਵਮ ਸ਼ਰਮਾ ਅਤੇ ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਦੀ ਦੇਖ—ਰੇਖ ਹੇਠ ਚੱਲ ਰਿਹਾ ਹੈ। ਸਕੂਲ ਵਿੱਚ ਪ੍ਰਿੰਸੀਪਲ ਰੇਖਾ ਪਾਸੀ ਨੇ ਅਧਿਆਪਕਾਂ ਦੇ ਵਿਕਾਸ ਅਤੇ ਉਨ੍ਹਾਂ ਦੇ ਹੁਨਰ ਦੇ ਵਿਕਾਸ ਲਈ ਇੱਕ ਕਲਾਸਰੂਮ ਪ੍ਰਬੰਧਨ (ਕਲਾਸ ਰੂਮ ਮੈਨੇਜਮੈਂਟ) ਪ੍ਰੋਗਰਾਮ ਦਾ ਆਯੋਜਨ ਕੀਤਾ, ਜਿਸ ਵਿੱਚ ਅਧਿਆਪਕਾਂ ਨੂੰ ਕਲਾਸ ਰੂਮ ਵਿੱਚ ਪੜ੍ਹਾਉਣ ਦੌਰਾਨ ਵਰਤੀਆਂ ਜਾਣ ਵਾਲੀਆਂ ਅਧਿਆਪਨ ਤਕਨੀਕਾਂ ਬਾਰੇ ਜਾਣਕਾਰੀ ਦਿੱਤੀ ਗਈ ਅਤੇ ਉਨ੍ਹਾਂ ਨੂੰ ਪੜ੍ਹਾਉਣ ਦੇ ਢੰਗ ਨੂੰ ਪ੍ਰਭਾਵਸ਼ਾਲੀ ਬਣਾਉਣ ਬਾਰੇ ਜਾਣਕਾਰੀ ਦਿੱਤੀ ਗਈ। ਉਨ੍ਹਾਂ ਨੇ ਅਧਿਆਪਕਾਂ ਨੂੰ ਬੱਚਿਆਂ ਦੀਆਂ ਲੋੜਾਂ, ਉਨ੍ਹਾਂ ਨੂੰ ਪੜ੍ਹਾਈ ਵਿੱਚ ਆਉਣ ਵਾਲੀਆਂ ਸਮੱਸਿਆਵਾਂ ਨੂੰ ਸਮਝਣ ਅਤੇ ਉਨ੍ਹਾਂ ਨਾਲ ਆਪਸੀ ਗੱਲਬਾਤ ਰਾਹੀਂ ਹੱਲ ਕਰਨ ਬਾਰੇ ਦੱਸਿਆ ਗਿਆ। ਇਸ ਦੌਰਾਨ ਖੇਡ ਗਤੀਵਿਧੀਆਂ ਰਾਹੀਂ ਅਧਿਆਪਕਾਂ ਨੂੰ ਇਕਾਗਰਤਾ ਅਤੇ ਹਰ ਸਮੇਂ ਸਰਗਰਮ ਰਹਿਣ ਦਾ ਸੰਦੇਸ਼ ਦਿੱਤਾ ਗਿਆ। ਖੇਡਾਂ ਵਿੱਚ ਜੇਤੂ ਰਹੇ ਅਧਿਆਪਕਾਂ ਨੂੰ ਇਨਾਮ ਦਿੱਤੇ ਗਏ। ਜਾਣਕਾਰੀ ਦਿੰਦਿਆਂ ਸਕੂਲ ਦੀ ਪ੍ਰਿੰਸੀਪਲ ਰੇਖਾ ਪਾਸੀ ਨੇ ਦੱਸਿਆ ਕਿ ਅਜਿਹੇ ਪ੍ਰੋਗਰਾਮ ਕਰਵਾਉਣ ਦਾ ਮਕਸਦ ਅਧਿਆਪਕਾਂ ਦਾ ਸਰਵਪੱਖੀ ਵਿਕਾਸ ਕਰਨਾ ਹੈ ਅਤੇ ਵਿਦਿਆਰਥੀਆਂ ਨੂੰ ਦਿੱਤੀ ਜਾ ਰਹੀ ਮੌਜੂਦਾ ਅਧਿਆਪਨ ਵਿਧੀ ਨੂੰ ਪ੍ਰਭਾਵਸ਼ਾਲੀ ਬਣਾਉਣਾ ਹੈ ਤਾਂ ਜੋ ਅਧਿਆਪਕ ਵਿਦਿਆਰਥੀਆਂ ਨੂੰ ਨਵੇਂ ਮੌਕੇ ਪ੍ਰਦਾਨ ਕਰ ਸਕਣ ਅਤੇ ਉਨ੍ਹਾਂ ਦੀ ਪੜ੍ਹਾਈ ਵਿੱਚ ਸੁਧਾਰ ਲਿਆ ਸਕਣ। ਇਸ ਨਾਲ ਅਧਿਆਪਨ ਵਿਧੀ ਨੂੰ ਹੋਰ ਪ੍ਰਭਾਵਸ਼ਾਲੀ ਬਣਾਇਆ ਜਾ ਸਕਦਾ ਹੈ।

## ਨੌਜਵਾਨਾਂ ਲਈ ਰੋਜ਼ਗਾਰ ਦੇ ਵਸੀਲੇ ਪੈਦਾ ਕਰਦੀ ਏ ਲੀਜਿੰਗ ਲਿਮਟਿਡ ਮੈਟਰੋਪੋਲੀਟਨ ਕੰਪਨੀ

ਫ਼ਿਰੋਜ਼ਪੁਰ, 18 ਅਪ੍ਰੈਲ (ਮਨੋਹਰ ਲਾਲ) :— ਲੀਜਿੰਗ ਲਿਮਿਟਡ, ਮੈਟਰੋਪੋਲੀਟਨ ਸਟਾਕ ਐਕਸਚੇਂਜ ਸੂਚੀਬੱਧ ਡਿਪਾਜਿਟ ਸਵੀਕਾਰ ਕਰਨ ਵਾਲੀ ਐਨ.ਬੀ.ਐਫ.ਸੀ, ਜਿਸ ਦਾ ਹੈਡਕੁਆਰ ਜਲੰਧਰ ਪੰਜਾਬ ਹੈ, ਨੇ ਘੋਸ਼ਣਾ ਕੀਤੀ ਕਿ ਉਨ੍ਹਾਂ ਨੇ ਇਕੁਇਟੀ ਅਤੇ ਕਰਜ਼ੇ ਦੇ ਮਿਸ਼ਰਣ ਰਾਹੀਂ ਇਕ ਕਰੋੜ ਦੀ ਪੂੰਜੀ ਇਕੱਠੀ ਕੀਤੀ ਹੈ। ਇਸ ਵਿਚ ਲਗਭਗ 60 ਪ੍ਰਤੀਸ਼ਤ ਇਕੁਇਟੀ ਅਤੇ 40 ਪ੍ਰਤੀਸ਼ਤ ਰਿਣ ਪੱਤਰ ਸ਼ਾਮਲ ਹੈ। ਇਸ ਪੈਸੇ ਦੀ ਵਰਤੋਂ ਆਵਦੇ ਚੁਣੇ ਖੇਤਰਾਂ ਦੇ ਵਿਕਾਸ ਅਤੇ ਫਾਇਨਾਂਸ ਦੇ ਕੰਮਾਂ ਵਿਚ ਕਰਦੀ ਹੈ। ਉਨ੍ਹਾਂ ਕਿਹਾ ਕਿ ਪੀ.ਐਚ.ਐਫ ਲੀਜ਼ਿਘਗ 1998 ਤੋਂ ਭਾਰਤੀ ਰਿਜਰਵ ਬੈਂਕ ਨਾਲ ਰਜਿਸਟਰਡ ਗੈਰ ਬੈਂਕਿੰਗ ਵਿੱਤੀ ਕੰਪਨੀ ਨੂੰ ਸਵੀਕਾਰ ਕਰਨ ਵਾਲੀ ਇਕ ਸ਼੍ਰੇਣੀ ਏ ਡਿਪਾਜਿਟ ਹੈ। ਕੰਪਨੀ ਅਚੱਲ ਸੰਪਤੀ ਐਲ.ਏ.ਪੀ ਅਤੇ ਈ—ਵਾਹਨਾਂ ਨੂੰ ਮੁੱਖ ਤੌਰ ਤੇ ਈ—ਰਿਕਸ਼ਾ, ਈ ਲੋਡਰ, ਈ.ਵੀ ਅਤੇ 2 ਪਹੀਆ ਵਾਹਨਾਂ ਲਈ ਫਾਈਨਾਂਸ ਕਰਨ ਲਈ ਮੌਰਗੇਜ਼ ਕਰਜੇ ਦੀ ਪੇਸ਼ਕਸ਼ ਕਰਦੀ ਹੈ। ਉਨ੍ਹਾਂ ਕਿਹਾ ਕਿ ਕੰਪਨੀ ਪਿਛਲੇ ਹਰ 3 ਵਰ੍ਹੇ ਤੋਂ 100 ਫੀਸਦੀ ਤੋਂ ਵੱਧ ਵਾਧੇ ਨੂੰ ਦਰਸਾਉਂਦੇ ਹੋਏ ਵਿਕਾਸ ਤੇ ਰਹੀ ਹੈ। ਇਹ ਮੌਜੂਦਾ ਦਫਤਰਾਂ ਨੂੰ ਮਜ਼ਬੂਤ ਕਰ ਰਹੀ ਹੈ, ਨਵੇਂ ਦਫਤਰ ਖੋਲ ਰਹੀ ਹੈ ਅਤੇ ਇਸ ਨੇ ਅਗਲੇ ਕੁਝ ਮਹੀਨਿਆਂ ਵਿਚ ਸਟਾਫ ਨੂੰ 50 ਫੀਸਦੀ ਤੋਂ ਵੱਧ ਵਧਾਉਣ ਦਾ ਮਜ਼ਬੂਤ ਟੀਚਾ ਰੱਖਿਆ ਅਤੇ ਤੇਜੀ ਨਾਲ ਹੋ ਰਹੇ ਵਿਕਾਸ ਦਾ ਧਿਆਨ ਰੱਖਣ ਲਈ, ਫੰਡ ਇਕੱਠਾ ਕਰਨਾ ਜ਼ਰੂਰੀ ਸੀ ਅਤੇ ਕੰਪਨੀ ਨੇ ਇਕੁਇਟੀ ਅਤੇ ਰਿਣ ਪੱਤਰ ਦੇ ਮਿਸ਼ਰਣ ਰਾਹੀਂ ਸਫਲਤਾਪੂਰਵਕ ਲਗਭਗ 85 ਕਰੋੜ ਇਕੱਠੇ ਕੀਤੇ ਹਨ, ਇਹ ਫੰਡ ਮੌਜੂਦਾ ਰਿਣਦਾਤਿਆਂ ਦੇ ਨਾਲ—ਨਾਲ ਨਵੇਂ ਰਿਣਦਾਤਾਵਾਂ ਤੋਂ ਵੀ ਉਠਾਇਆ ਗਿਆ ਹੈ ਅਤੇ 82 ਵਿਅਕਤੀਆਂ ਅਤੇ ਕੰਪਨੀਆਂ ਨੇ ਸ਼ੇਅਰ ਵਾਰੰਟ ਵਧਾਉਣ ਵਿਚ ਹਿੱਸਾ ਲਿਆ ਅਤੇ ਕੰਪਨੀ ਨੇ ਮਾਰਚ 2024 ਵਿਚ 3 ਨਵੇਂ ਲੈਂਡਰਜ਼ ਨੂੰ ਸ਼ਾਮਲ ਕੀਤਾ, ਜਿਸ ਵਿਚ ਚੋਲਾ ਮੰਡਲਮ ਇਨਵੈਸਟਮੈਂਟ ਐਂਡ ਫਾਈਨਾਂਸ ਕੰਪਨੀ ਲਿਮਟਿਡ, ਐਸ.ਐਮ.ਸੀ ਮਨੀਵਾਈਜ਼ ਅਤੇ ਵਿਵਰਤੀ ਫਾਈਨੈਸ਼ੀਅਲ ਸ਼ਾਮਲ ਹਨ।

## ਸਾਹਿਬ ਸ਼੍ਰੀ ਗੁਰੂ ਗੋਬਿੰਦ ਸਿੰਘ ਸੀਨੀਅਰ ਸੈਕੰਡਰੀ ਸਕੂਲ ਦੀਆਂ 5 ਵਿਦਿਆਰਥਣਾਂ ਪੰਜਾਬ ਮੈਰਿਟ ਵਿਚ



**ਚੌਕ ਮਹਿਤਾ, 18 ਅਪਰੈਲ ( ਬਾਬਾ ਸੁਖਵੰਤ ਸਿੰਘ ਚੰਨਣਕੇ)-** ਇਲਾਕੇ ਦਾ ਨਾਮਵਰ ਸਕੂਲ ਸਾਹਿਬ ਸ੍ਰੀ ਗੋਬਿੰਦ ਸਿੰਘ ਸੀਨੀਅਰ ਸੈਕੰਡਰੀ ਸਕੂਲ ਦੇ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਸੀਨੀਅਰ ਸੈਕੰਡਰੀ ਸਕੂਲ ਚੂੰਘ ਦਾ 10ਵੀ ਦਾ ਨਤੀਜਾ ਸ਼ਾਨਦਾਰ ਰਿਹਾ। ਸਾਰੇ ਹੀ ਬੱਚੇ ਬਹੁਤ ਹੀ ਵਧੀਆ ਨੰਬਰਾਂ ਦੇ ਨਾਲ ਪਾਸ ਹੋਏ। ਮਨਰੀਤ ਕੌਰ / ਸਰਬਦਿਆਲ ਸਿੰਘ ਨੇ 98.31% ਨੰਬਰ ਲੈ ਕੇ ਸਕੂਲ ਵਿਚ ਪਹਿਲਾ, ਜ਼ਿਲੇ ਵਿਚ 5ਵਾਂ ਅਤੇ ਪੰਜਾਬ ਵਿਚ 7ਵਾਂ ਸਥਾਨ ਹਾਸਿਲ ਕੀਤਾ। ਇਸ ਤੋਂ ਬਾਅਦ ਬਲਪ੍ਰੀਤ ਕੌਰ ਨੇ 98% ਨੰਬਰ ਲੈ ਕੇ ਪੰਜਾਬ ਵਿਚ 9ਵਾਂ, ਮਾਨਟੇਕਪ੍ਰੀਤ ਕੌਰ ਨੇ 97.54% ਨੰਬਰ ਲੈ ਕੇ ਪੰਜਾਬ ਵਿਚ 12ਵਾਂ, ਧੰਨਗੁਰਲੀਨ ਕੌਰ ਨੇ 97.23% ਨੰਬਰ ਲੈ ਕੇ ਪੰਜਾਬ ਵਿਚ 14ਵਾਂ ਅਤੇ ਅਰਸ਼ਪ੍ਰੀਤ ਕੌਰ ਨੇ 97.08% ਨੰਬਰ ਲੈ ਕੇ ਪੰਜਾਬ ਵਿਚ 15ਵਾਂ ਸਥਾਨ ਹਾਸਿਲ ਕੀਤਾ । ਚੇਅਰਮੈਨ ਰਘਬੀਰ ਸਿੰਘ ਸੋਹਲ ਨੇ ਬੱਚਿਆਂ ਅਤੇ ਉਹਨਾਂ ਦੇ ਮਾਤਾ ਪਿਤਾ ਦਾ ਮੂੰਹ ਮਿੱਠਾ ਕਰਾਇਆ ਅਤੇ ਬੱਚਿਆਂ ਨੂੰ ਸਨਮਾਨਿਤ ਕੀਤਾ। ਇਸ ਮੌਕੇ ਡਾਇਰੈਕਟਰ ਤੇਜਬੀਰ ਸਿੰਘ ਸੋਹਲ, ਜਸਪ੍ਰੀਤ ਕੌਰ ਸੋਹਲ, ਪ੍ਰਿੰਸੀਪਲ ਮਨਤੇਸ਼ ਕੁਮਾਰ, ਰਣਜੀਤ ਸਿੰਘ, ਪਰਮਿੰਦਰ ਕੌਰ ਨਾਲ ਹੋਰ ਸਟਾਫ ਮੈਂਬਰ ਵੀ ਹਾਜ਼ਰ ਸਨ।

### ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਦਿੱਲੀ ਫਤਿਹ ਦਿਵਸ ਸਮਾਗਮ ਲਈ

# ਨਿਹੰਗ ਸਿੰਘ ਮੁਖੀ ਬਾਬਾ ਬਲਬੀਰ ਸਿੰਘ ਨੂੰ ਦਿੱਤਾ ਗਿਆ ਸੱਦਾ ਪੱਤਰ



**ਨਵੀਂ ਦਿੱਲੀ, 18 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**- ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਦੀ ਅਗਵਾਈ ਹੇਠ ਕਮੇਟੀ ਦੀ ਟੀਮ ਵੱਲੋਂ ਨਿਹੰਗ ਸਿੰਘ ਮੁਖੀ ਬਾਬਾ ਬਲਬੀਰ ਸਿੰਘ ਨਾਲ ਮੁਲਾਕਾਤ ਕਰ ਕੇ ਉਹਨਾਂ ਨੂੰ ਦਿੱਲੀ ਫਤਿਹ ਦਿਵਸ ਸਮਾਗਮਾਂ ਦਾ ਸੱਦਾ ਦਿੱਤਾ। ਇਸ ਮੌਕੇ ਮੀਡੀਆ ਨਾਲ ਗੱਲਬਾਤ ਕਰਦਿਆਂ ਸਰਦਾਰ ਕਾਲਕਾ ਤੇ ਸਰਦਾਰ ਕਾਹਲੋਂ ਨੇ ਦੱਸਿਆ ਕਿ ਇਸ ਸਾਲ ਦਿੱਲੀ ਫਤਿਹ ਦਿਵਸ 27 ਅਤੇ 28 ਅਪ੍ਰੈਲ ਨੂੰ ਲਾਲ ਕਿਲ੍ਹੇ 'ਤੇ ਮਨਾਇਆ ਜਾ ਰਿਹਾ ਹੈ। ਉਹਨਾਂ ਦੱਸਿਆ ਕਿ 27 ਅਪ੍ਰੈਲ ਨੂੰ ਕੀਰਤਨ ਦਰਬਾਰ ਹੋਵੇਗਾ ਤੇ 28 ਅਪ੍ਰੈਲ ਨੂੰ ਗੁਰੂ ਕੀਆਂ ਲਾਡੀਆਂ ਫੌਜਾਂ ਆਪਣੇ ਜੌਹਰ ਵਿਖਾਉਣਗੀਆਂ। ਉਹਨਾਂ ਦੱਸਿਆ ਕਿ ਦਿੱਲੀ ਗੁਰਦੁਆਰਾ ਕਮੇਟੀ ਵੱਲੋਂ ਪੰਥ ਦੀਆਂ ਸਮੂਹ ਜਥੇਬੰਦੀਆਂ ਨੂੰ ਇਹਨਾਂ ਪ੍ਰੋਗਰਾਮਾਂ ਵਾਸਤੇ ਸੱਦਾ ਦਿੱਤਾ ਜਾ ਰਿਹਾ ਹੈ ਜਿਸ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਪੰਜਾਬ ਦੇ ਦਲ ਪੰਥ, ਸੰਤ ਸਮਾਜ ਨੂੰ ਵੀ ਸੱਦਾ ਪੱਤਰ ਦਿੱਤੇ ਜਾਣਗੇ ਜਿਹਨਾਂ ਵਾਸਤੇ ਦਿੱਲੀ ਕਮੇਟੀ ਦੇ ਅਹੁਦੇਦਾਰਾਂ ਤੇ ਮੈਂਬਰਾਂ ਦੀਆਂ ਟੀਮਾਂ ਵੱਖ-ਵੱਖ ਸ਼ਹਿਰਾਂ ਵਿਚ ਪਹੁੰਚ ਕੇ ਸੱਦਾ ਪੱਤਰ ਦੇਣਗੀਆਂ। ਉਹਨਾਂ ਦੱਸਿਆ ਕਿ ਇਸ ਵਾਰ ਦੇ ਪ੍ਰੋਗਰਾਮ ਮਾਤਾ ਗੁਜਰ ਕੌਰ ਜੀ ਨੂੰ ਸਮਰਪਿਤ ਕੀਤੇ ਜਾ ਰਹੇ ਹਨ। ਉਹਨਾਂ ਦੱਸਿਆ ਕਿ ਗੁਰਬਾਣੀ ਕੀਰਤਨ ਦਰਬਾਰ ਤੋਂ ਅਗਲੇ ਦਿਨ ਨਿਹੰਗ ਸਿੰਘਾਂ ਦੀਆਂ ਜਥੇਬੰਦੀਆਂ ਆਪਣੇ ਜੌਹਰ ਵਿਖਾਉਣਗੀਆਂ ਅਤੇ ਮਾਤਾ ਗੁਜਰ ਕੌਰ ਜੀ ਦੇ ਇਤਿਹਾਸ ਤੋਂ ਸੰਗਤ ਨੂੰ ਫਿਰ ਤੋਂ ਜਾਣੂ ਕਰਵਾਇਆ ਜਾਵੇਗਾ। ਉਹਨਾਂ ਦੱਸਿਆ ਕਿ ਇਹ ਸਮਾਗਮ ਲਾਲ ਕਿਲ੍ਹੇ 'ਤੇ ਆਯੋਜਿਤ ਕਰਨ ਦਾ ਮਕਸਦ ਸਿੱਖ ਪੰਥ ਦੇ ਅਮੀਰ ਤੇ ਵਿਲੱਖਣ ਇਤਿਹਾਸ ਤੋਂ ਸੰਗਤਾਂ ਨੂੰ ਜਾਣੂ ਕਰਵਾਉਣਾ ਹੈ। ਉਹਨਾਂ ਕਿਹਾ ਕਿ ਬਾਬਾ ਜੱਸਾ ਸਿੰਘ ਰਾਮਗੜ੍ਹੀਆ, ਬਾਬਾ ਜੱਸ ਸਿੰਘ ਆਹਲੂਵਾਲੀਆ ਤੇ ਬਾਬਾ ਬਘੇਲ ਸਿੰਘ ਵੱਲੋਂ ਦਿੱਲੀ 'ਤੇ ਕੀਤੀ ਫਤਿਹ ਦੀ ਯਾਦ ਵਿਚ ਇਹ ਦਿੱਲੀ ਫਤਿਹ ਦਿਵਸ ਮਨਾਇਆ ਜਾਂਦਾ ਹੈ ਜਿਸਨੂੰ ਲੈ ਕੇ ਸੰਗਤਾਂ ਵਿਚ ਬਹੁਤ ਉਤਸ਼ਾਹ ਹੈ। ਉਹਨਾਂ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼ ਸਮੇਤ ਸਾਰੀਆਂ ਥਾਵਾਂ ਹੁੰਮ ਹੁੰਮਾ ਕੇ ਪੁੱਜਣ ਤੇ ਪ੍ਰੋਗਰਾਮਾਂ ਵਿਚ ਹਾਜ਼ਰੀ ਲਗਵਾਉਣ।

ਆਵਾਜ਼ਿ ਕੌਮ AWAZE QAUM International Newspaper & WEB TV

**27 ਅਤੇ 28 ਅਪ੍ਰੈਲ ਨੂੰ ਲਾਲ ਕਿਲ੍ਹੇ 'ਤੇ ਮਨਾਇਆ ਜਾਵੇਗਾ ਦਿੱਲੀ ਫਤਿਹ ਦਿਵਸ**

### ਅਲੀਪੁਰ ਖਾਲਸਾ ਵਿਖੇ ਵਿਸਾਖੀ ਅਤੇ

# ਖਾਲਸਾ ਸਾਜਨਾ ਦਿਵਸ ਗੁਰਮਤਿ ਸਮਾਗਮ ਕਰਵਾਇਆ ਗਿਆ



ਧੂਰੀ ( ਰਣਜੀਤ ਸਿੰਘ ਪੇਧਨੀ ) ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਸਜਾਏ ਖਾਲਸਾ ਸਾਜਨਾ ਦਿਵਸ ਅਤੇ ਵਿਸਾਖੀ ਦੇ ਪਵਿੱਤਰ ਦਿਹਾੜੇ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ 18 ਅਪ੍ਰੈਲ ਦਿਨ ਵੀਰਵਾਰ 2024 ਨੂੰ ਗੁਰਦੁਆਰਾ ਗੁਰੂਸਰ ਪਾਤਸ਼ਾਹੀ ਛੇਵੀਂ ਪਿੰਡ ਅਲੀਪੁਰ ਖਾਲਸਾ ਵਿਖੇ ਸੰਤ ਬਾਬਾ ਮਨਪ੍ਰੀਤ ਸਿੰਘ ਅਲੀਪੁਰ ਖਾਲਸਾ ਅਤੇ ਸੰਤ ਬਾਬਾ ਹਰਜੀਤ ਸਿੰਘ ਮਹਿਤਾ ਚੌਂਕ ਯੂਕੇ ਵਾਲਿਆਂ ਦੀ ਯੋਗ ਅਗਵਾਈ ਹੇਠ ਬੜੀ ਹੀ ਸ਼ਰਧਾ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ। ਜਿਸ ਵਿੱਚ ਗਿਆਨੀ ਸ਼ੇਰ ਸਿੰਘ ਅੰਬਾਲੇ ਵਾਲੇ, ਸੰਤ ਬਾਬਾ ਪਰਮਪ੍ਰੀਤ ਸਿੰਘ ਨਥਮਲਪੁਰ ਵਾਲੇ ਅਤੇ ਸੰਤ ਬਾਬਾ ਚਮਕੌਰ ਸਿੰਘ ਪੰਜ ਭੈਣੀਆਂ ਵਾਲਿਆ ਤੋਂ ਇਲਾਵਾ ਪੰਥ ਦੇ ਮਹਾਨ ਰਾਗੀ, ਢਾਡੀ, ਕਵੀਸਰ, ਸੰਤ ਮਹਾਂਪੁਰਸ਼ ਆਪਣੀਆਂ ਕਥਾ ਵਿਚਾਰਾਂ ਰਾਹੀਂ ਸੰਗਤਾਂ ਨੂੰ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਮਹਾਰਾਜ ਜੀ ਦੇ ਨਾਲ ਜੋੜਨਾ ਕੀਤਾ। ਅੰਤ ਵਿੱਚ ਸੰਤ ਬਾਬਾ ਮਨਪ੍ਰੀਤ ਸਿੰਘ ਅਲੀਪੁਰ ਖਾਲਸਾ ਵਾਲਿਆਂ ਨੇ ਆਏ ਸੰਤਾਂ ਮਹਾਂਪੁਰਸ਼ਾਂ ਦਾ ਵਿਸੇਸ਼ ਸਨਮਾਨ ਅਤੇ ਧੰਨਵਾਦ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

# ਆਜ਼ਾਦੀ ਦੇ ਬਾਵਜੂਦ ਵੀ ਗਰੀਬ ਲੋਕ ਝੁੱਗੀਆਂ ਵਿੱਚ ਰਹਿਣ ਲਈ ਮਜਬੂਰ : ਭਾਨ ਸਿੰਘ ਜੱਸੀ

### ਡਾ: ਅੰਬੇਡਕਰ ਦੀ ਜਨਮ ਭੂਮੀ ਦੇ ਬੱਚਿਆਂ ਦਾ ਕੀਤਾ ਸਨਮਾਨ



ਬਰਨਾਲਾ ( ਪੱਤਰ ਪ੍ਰੇਰਕ ) ਭਾਰਤੀ ਸੰਵਿਧਾਨ ਦੇ ਨਿਰਮਾਤਾ ਡਾ: ਭੀਮ ਰਾਓ ਅੰਬੇਡਕਰ ਦੇ ਜਨਮ ਸਥਾਨ ਮਹੂ (ਮੱਧ ਪ੍ਰਦੇਸ਼ ) ਦੇ ਝੁੱਗੀਆਂ ਵਿੱਚ ਰਹਿੰਦੇ ਬੱਚਿਆਂ ਅਤੇ ਉਹਨਾ ਦੇ ਮਾਪਿਆਂ ਦਾ ਸਮਾਜ ਸੇਵੀ ਭਾਨ ਸਿੰਘ ਜੱਸੀ ਦੀ ਅਗਵਾਈ ਵਿੱਚ ਸਨਮਾਨ ਕੀਤਾ, ਇਸ ਮੌਕੇ ਬੋਲਦਿਆਂ ਸਮਾਜ ਸੇਵੀ ਭਾਨ ਸਿੰਘ ਜੱਸੀ ਨੇ ਦੱਸਿਆ ਕਿ ਉਹ ਪਿਛਲੇ 2007 ਤੋਂ ਲਗਾਤਾਰ ਝੁੱਗੀਆਂ ਵਾਲੇ ਬੱਚਿਆਂ ਨੂੰ ਮੁਫਤ ਬਣਾਉਣ ਦੀ ਸੇਵਾ ਨਿਭਾਉਂਦੇ ਆ ਰਹੇ ਹਨ। ਬਾਬਾ ਸਾਹਿਬ ਅੰਬੇਡਕਰ ਜੀ ਦੇ ਜਨਮ ਸਥਾਨ ਮਹੂ ਤੋਂ ਇਹ ਝੁੱਗੀਆਂ ਵਿੱਚ ਰਹਿਣ ਵਾਲੇ ਬੱਚੇ ਤਿੰਨ ਭਰਾ ਹਨ ਅਤੇ ਤਿੰਨੇ ਹੀ ਅੱਠਵੀਂ ਕਲਾਸ ਦੇ ਇੱਕੋ ਸੈਕਸ਼ਨ ਦੇ ਸਟੂਡੈਂਟ ਹਨ, ਉਹਨਾਂ ਕਿਹਾ ਕਿ ਸਾਨੂੰ ਆਪਾਂ ਪੜਚੋਲ ਕਰਨ ਦੀ ਲੋੜ ਹੈ, ਸਾਡੇ ਆਪਣਿਆਂ ਵਿੱਚੋਂ ਹੀ ਵੱਡੀ ਗਿਣਤੀ ਕੁਝ ਲੋਕ ਅੱਜ ਬ੍ਰਾਹਮਣਵਾਦੀ ਵਿਚਾਰਧਾਰਾ ਦੇ ਧਾਰਨੀ ਬਣ ਚੁੱਕੇ ਹਨ , ਜਿਹੜਾ ਕਿ ਆਉਣ ਵਾਲੇ ਸਮੇਂ ਵਿੱਚ ਪੁਰਾਤਨ ਬ੍ਰਾਹਮਣਵਾਦ ਤੋਂ ਵੀ ਕਿਤੇ ਖਤਰਨਾਕ ਸਾਬਿਤ ਹੋਣਗੇ। ਉਨਾਂ ਦੁੱਖ ਪ੍ਰਗਟ ਕੀਤਾ ਕਿ ਆਜ਼ਾਦ ਭਾਰਤ ਦੇ 75 ਵਰੇ ਬੀਤਣ ਦੇ ਬਾਵਜੂਦ ਵੀ ਅੱਜ ਗਰੀਬ ਲੋਕਾਂ ਨੂੰ ਸਿਰ ਦੀ ਸੱਤ ਨਸੀਬ ਨਹੀਂ ਹੋਈ , ਜਿਸ ਕਾਰਨ ਉਹ ਝੁਗੀਆਂ ਵਿੱਚ ਨਰਕਾਂ ਭਰੀ ਜ਼ਿੰਦਗੀ ਜਿਉਣ ਲਈ ਮਜਬੂਰ ਹਨ। ਸਮਾਜ ਸੇਵੀ ਸ: ਭਾਨ ਸਿੰਘ ਜੱਸੀ ਨੇ ਕਿਹਾ ਕਿ ਲੀਡਰ ਲੋਕਾਂ ਨੂੰ ਚੰਗੇ ਲੱਸੇਦਾਰ ਭਾਸਣ ਸੁਣਾਕੇ ਅਤੇ ਉਹਨਾਂ ਨੂੰ ਹੇਪਨੋਟਾਈਜ਼ ਕਰਕੇ ਵੋਟਾਂ ਬਟੋਰਨ ਦੀ ਰਾਜਨੀਤੀ ਛੱਡਕੇ ਈਰਖਾ ਅਤੇ ਜਾਤੀ ਹੰਕਾਰ ਦੀ ਦਲਦਲ ਵਿੱਚੋਂ ਬਾਹਰ ਨਿਕਲਦਿਆਂ ਲੋੜਵੰਦ ਲੋਕਾਂ ਦੀ ਮਦਦ ਲਈ ਅੱਗੇ ਆਉਣਾ ਚਾਹੀਦਾ ਹੈ , ਤਾਂਕਿ ਬਾਬਾ ਸਾਹਿਬ ਡਾ: ਅੰਬੇਡਕਰ ਸਾਹਿਬ ਦੇ ਅਧੂਰੇ ਪਏ ਸੁਪਨਿਆਂ ਨੂੰ ਪੂਰਾ ਕੀਤਾ ਜਾ ਸਕੇ ਇਸ ਮੌਕੇ ਸਲਾਈਟ ਲੌਂਗੋਵਾਲ ਦੇ ਪ੍ਰੋਫੈਸਰ /ਡੀਨ ਡਾ: ਇੰਦਰਾਜ ਸਿੰਘ ਅਤੇ ਹਰਬੰਸ ਸਿੰਘ ਖਾਲਸਾ ਨੇ ਵੀ ਇਨਾ ਬੱਚਿਆਂ ਅਤੇ ਪਰਿਵਾਰ ਨੂੰ ਆਪਣਾ ਅਸ਼ੀਰਵਾਦ ਦਿੱਤਾ।

ਆਵਾਜ਼ਿ ਕੌਮ AWAZE QAUM International Newspaper & WEB TV

# ਕਾਂਗਰਸ ਉਮੀਦਵਾਰ ਦੇ ਹੱਕ ਵਿੱਚ ਗੁਰਬਾਜ਼ ਸਿੰਘ ਸਿੱਧੂ ਨੇ ਕੀਤੀਆਂ ਨੁੱਕੜ ਮੀਟਿੰਗਾਂ



ਤਲਵੰਡੀ ਸਾਬੋ, 18 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)- ਲੋਕ ਸਭਾ ਹਲਕਾ ਬਠਿੰਡਾ ਤੋਂ ਕਾਂਗਰਸੀ ਉਮੀਦਵਾਰ ਜੀਤਮਹਿੰਦਰ ਸਿੰਘ ਸਿੱਧੂ ਸਾਬਕਾ ਵਿਧਾਇਕ ਦੇ ਹੱਕ ਚ ਚੋਣ ਪ੍ਰਚਾਰ ਕਰਦਿਆਂ ਅੱਜ ਉਨਾਂ ਦੇ ਸਪੁੱਤਰ ਅਤੇ ਨੌਜਵਾਨ ਆਗੂ ਗੁਰਬਾਜ਼ ਸਿੰਘ ਸਿੱਧੂ ਨੇ ਕਈ ਆਗੂਆਂ ਦੇ ਘਰੀਂ ਨੁੱਕੜ ਮੀਟਿੰਗਾਂ ਕਰਦਿਆਂ ਆਗੂਆਂ ਅਤੇ ਵਰਕਰਾਂ ਨੂੰ ਪਾਰਟੀ ਦੀ ਮਜ਼ਬੂਤੀ ਲਈ ਦਿਨ ਰਾਤ ਇੱਕ ਕਰ ਦੇਣ ਦਾ ਸੱਦਾ ਦਿੱਤਾ। ਗੁਰਬਾਜ਼ ਸਿੰਘ ਸਿੱਧੂ ਨੇ ਅੱਜ ਯੂਥ ਕਾਂਗਰਸ ਦੇ ਬੁਲਾਰੇ ਨਵਦੀਪ ਸਿੰਘ ਗੋਲਡੀ ਦੀ ਤਲਵੰਡੀ ਸਾਬੋ ਵਿਚਲੀ ਰਿਹਾਇਸ਼,ਸੀਨੀਅਰ ਕਾਂਗਰਸ ਆਗੂ ਤਰਸੇਮ ਸਿੰਘ ਦੀ ਲਾਲੇਆਣਾ ਵਿਚਲੀ ਰਿਹਾਇਸ਼, ਬਲਾਕ ਕਾਂਗਰਸ ਰਾਮਾਂ ਦੇ ਪ੍ਰਧਾਨ ਰਹੇ ਜਸਪਾਲ ਸਿੰਘ ਪਾਲਾ ਦੀ ਰਿਹਾਇਸ਼ ਵਿਖੇ ਪਹੁੰਚ ਕੇ ਕਾਂਗਰਸੀ ਆਗੂਆਂ ਅਤੇ ਵਰਕਰਾਂ ਨਾਲ ਚੋਣ ਰਣਨੀਤੀ ਤੇ ਵੀਚਾਰਾਂ ਕੀਤੀਆਂ ।ਉਨਾਂ ਨੇ ਆਗੂਆਂ ਨੂੰ ਅਪੀਲ ਕੀਤੀ ਕਿ ਉਹ ਨਿੱਜੀ ਵੈਰ ਵਿਰੋਧ ਤੋਂ ਉੱਪਰ ਉੱਠ ਕੇ ਟਕਸਾਲੀ ਕਾਂਗਰਸੀ ਆਗੂਆਂ ਨੂੰ ਅੱਗੇ ਲਾ ਕੇ ਕੰਮ ਕਰਨ ਤਾਂਕਿ ਇਕਜੁਟਤਾ ਨਾਲ ਸੀਟ ਜਿੱਤ ਕੇ ਕੁਲ ਹਿੰਦ ਕਾਂਗਰਸ ਕਮੇਟੀ ਦੇ ਨਾਲ ਨਾਲ ਪੰਜਾਬ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਅਤੇ ਸਮੁੱਚੀ ਆਲਕਮਾਨ ਦੀ ਝੋਲੀ ਪਾਈ ਜਾ ਸਕੇ ।ਇਸ ਮੌਕੇ ਜੀਤਮਹਿੰਦਰ ਸਿੰਘ ਸਿੱਧੂ ਨੂੰ ਟਿਕਟ ਮਿਲਣ ਦੀ ਖੁਸ਼ੀ 'ਚ ਵਰਕਰਾਂ ਨੇ ਗੁਰਬਾਜ਼ ਸਿੰਘ ਸਿੱਧੂ ਦਾ ਮੂੰਹ ਮਿੱਠਾ ਕਰਵਾਇਆ ਅਤੇ ਲੱਡੂ ਵੰਡੇ। ਇਸ ਮੌਕੇ ਸ਼ੋਸਲ ਮੀਡੀਆ ਪੰਜਾਬ ਦੇ ਸਕੱਤਰ ਵੀਕਾਸ ਤਲਵੰਡੀ,ਯੂਥ ਕਾਂਗਰਸ ਦੇ ਤਿੰਨ ਜਿਲ੍ਹਿਆਂ ਦੇ ਯੰਗ ਇੰਡੀਆਂ ਬੋਲ ਸੀਜ਼ਨ ਦੇ ਕੋਆਰਡੀਨੇਟਰ ਖੁਸ਼ਦੀਪ ਸਿੰਘ ਗਿੱਲ,ਜੱਟਮਹਾਂ ਸਭਾ ਹਲਕਾ ਪ੍ਰਧਾਨ ਮਨਜੀਤ ਸਿੰਘ ਲਾਲੇਆਣਾ, ਸੀ.ਆਗੂ ਸੁਖਬੀਰ ਸਿੰਘ ਚੱਠਾ, ਹਰਦੇਵ ਸਿੰਘ ਫੌਜੀ ਸਾਬਕਾ ਸਰਪੰਚ ਨੰਗਲਾ, ਸੀ.ਆਗੂ ਚਰਨਜੀਤ ਸਿੰਘ ਕੋਟਬਖਤੂ, ਗੁਰਵਿੰਦਰ ਦੁੱਨੇਵਾਲਾ, ਗੁਰਪਾਲ ਸਿੰਘ ਨੰਬਰਦਾਰ ਲਾਲੇਆਣਾ, ਜਸਪਾਲ ਸਿੰਘ ਭਗਵਾਨਪੁਰਾ, ਕ੍ਰਿਸ਼ਨ ਯਾਦਵ, ਦਰਸ਼ਨ ਗਿੱਲ, ਗੁਰਮੇਲ ਲਾਲੇਆਣਾ, ਜਸਵੀਰ ਸਿੰਘ ਨੰਬਰਦਾਰ, ਗੁਰਮੇਲ ਸਿੰਘ ਸਰਪੰਚ, ਤਰਸੇਮ ਸਿੰਘ ਅਤੇ ਗੁਰਪਾਲ ਸਿੰਘ, ਰਾਜ ਸਿੰਘ ਤਿੰਨੇ ਪੰਚ, ਜਗਸੀਰ ਸਿੰਘ ਪ੍ਰਧਾਨ ਗਊਸ਼ਾਲਾ ਕਮੇਟੀ, ਮੱਖਣ ਸਿੰਘ, ਗੁਰਤੇਜ ਸਿੰਘ, ਸੱਤਪਾਲ ਸਿੰਘ ਸਾਬਕਾ ਪੰਚ, ਬਖਤੌਰ ਸਿੰਘ ਅਤੇ ਗੋਲੂ ਸਿੰਘ ਆਦਿ ਆਗੂ ਮੌਜੂਦ ਰਹੇ।

# ਸੰਗਰੂਰ ਤੋਂ ਝੂੰਦਾ ਵੱਡੇ ਮਾਰਜਨ ਨਾਲ ਜਿੱਤ ਪ੍ਰਾਪਤ ਕਰਨਗੇ : ਗੁਰਵਿੰਦਰ ਸਿੰਘ ਜਵੰਧਾ



ਧੂਰੀ ( ਰਣਜੀਤ ਸਿੰਘ ਪੇਧਨੀ ) ਆਗਾਮੀ ਲੋਕ ਸਭਾ ਚੋਣਾਂ ਵਿੱਚ ਵਧੀਆ ਪ੍ਰਦਰਸ਼ਨ ਕਰਦਿਆਂ ਵੱਡੇ ਫਰਕ ਨਾਲ ਸ੍ਰੋਮਣੀ ਅਕਾਲੀ ਦਲ ਬਾਦਲ ਜਿੱਤ ਹਾਸਿਲ ਕਰੇਗੀ ਜਿਸ ਦੀ ਸ਼ੁਰੂਆਤ ਮਾਲਵਾ ਖੇਤਰ ਦੇ ਵਿੱਚੋਂ ਹੋਵੇਗੀ। ਸੰਗਰੂਰ ਲੋਕ ਸਭਾ ਹਲਕੇ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਇਕਬਾਲ ਸਿੰਘ ਝੂੰਦਾ ਵੱਡੇ ਮਾਰਜਨ ਨਾਲ ਜਿੱਤ ਕੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਹੱਥ ਮਜਬੂਤ ਕਰਨਗੇ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਯੂਥ ਵਿੰਗ ਪੰਜਾਬ ਦੇ ਜਰਨਲ ਸਕੱਤਰ ਗੁਰਵਿੰਦਰ ਸਿੰਘ ਜਵੰਧਾ ਨੇ ਕੀਤਾ। ਉਹਨਾਂ ਕਿਹਾ ਕਿ ਅਕਾਲੀ ਦਲ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਹੀ ਹੇਠ ਪੂਰੇ ਪੰਜਾਬ ਅੰਦਰ ਅਕਾਲੀ ਦਲ ਦੇ ਹੱਕ ਵਿੱਚ ਹਨੇਰੀ ਚੱਲ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਇਸ ਵਾਰ ਆਮ ਆਦਮੀ ਪਾਰਟੀ ਦੀ ਲੋਕ ਵਿਰੋਧੀ ਨੀਤੀਆਂ ਤੋਂ ਅੱਕ ਚੁੱਕੇ ਹਨ ਕਿਉਕਿ ਜੋ ਫੈਸਲਾ ਸਰਕਾਰ ਸਵੇਰੇ ਲੈ ਲੈਂਦੀ ਐ ਉਸ ਨੂੰ ਸਾਮ ਨੂੰ ਵਾਪਿਸ ਲੈ ਲੈਂਦੀ ਐ ਸਰਕਾਰ ਨੇ ਹੁਣ ਤੱਕ ਯੂ ਟਰਨ ਵਾਲੇ ਹੀ ਕੰਮ ਕੀਤੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਰਾਮਗੜੀਆ ਭਾਈਚਾਰੇ ਨੇ

# ਕੈਬਨੈਟ ਮੰਤਰੀ ਲਾਲਜੀਤ ਸਿੰਘ ਭੁੱਲਰ ਦਾ ਮਹਿਤਾ ਚੌਕ ਵਿਖੇ ਫੂਕਿਆ ਪੁਤਲਾ



ਚੌਕ ਮਹਿਤਾ, 18ਮਾਰਚ(–ਬਾਬਾ ਸੁਖਵੰਤ ਸਿੰਘ ਚੰਨਣਕੇ–––)–– ਅੱਜ ਮਹਿਤਾ ਚੌਕ ਵਿਖੇ ਰਾਮਗੜੀਆ ਭਾਈਚਾਰੇ ਵੱਲੋਂ ਆਮ ਆਦਮੀ ਪਾਰਟੀ ਦੇ ਕੈਬਨਿਟ ਮੰਤਰੀ ਅਤੇ ਹਲਕਾ ਖਡੂਰ ਸਹਿਬ ਤੋਂ ਲੋਕ ਸਭਾ ਉਮੀਦਵਾਰ ਲਾਲਜੀਤ ਸਿੰਘ ਭੁੱਲਰ ਦਾ ਪੁਤਲਾ ਫੂਕਿਆ ਗਿਆ। ਰਾਮਗੜੀਆ ਆਗੂਆ ਨੇ ਮੰਤਰੀ ਭੁੱਲਰ ਖਿਲਾਫ ਨਾਹਰੇਬਾਜੀ ਕਰਦਿਆ ਕਿਹਾ ਕੇ ਉਕਤ ਮੰਤਰੀ ਵੱਲੋਂ ਆਪਣੇ ਭਾਸ਼ਣ ਦੋਰਾਨ ਜਿੱਥੇ ਵਿਰੋਧੀ ਧਿਰ ਨੂੰ ਭੱਦੀ ਸ਼ਬਦਾਵਲੀ ਨਾਲ ਲਲਕਾਰਨ ਦੀ ਕੋਸਿਸ਼ ਕੀਤੀ ਹੈ,ਉਥੇ ਸਤਾ ਦੇ ਹੰਕਾਰ ਵਿੱਚ ਰਾਮਗੜੀਆ ਤੇ ਸੁਨਾਰ ਭਾਈਚਾਰੇ ਨੂੰ ਨੀਵੇ ਤੇ ਕਮਜੋਰ ਵਰਗ ਸਮਝਦੇ ਹੋਏ ਗਲਤ ਨਾਮ ਦਾ ਲੈ ਕੇ ਭੱਦੇ ਸ਼ਬਦਾ ਦਾ ਉਪਯੋਗ ਕਰਦੇ ਹੋਏ ਕਿਹਾ ਸੀ ਕੇ ਮੈਂ ਲਹੋਰੀਆ ਜੱਟ ਹਾਂ, ਕੋਈ ਗੁੱਲੀ ਘੜ ਜਾਂ ਸੁਨਿਆਰਾ ਨਹੀ" ਦੋਹਰ ਪਾਉਣ ਲਈ ਸਾਹਮਣੇ ਵਾਲੇ ਬੈਠੀ ਜਨਤਾ ਕੋਲੋ ਹੋ ਹੋ ਕਰਵਾਈ । ਆਗੂਆ ਨੇ ਕਿਹਾ ਕੇ ਜੇ ਪਾਰਟੀ ਹਾਈ ਕਮਾਨ ਨੇ ਲਾਲਜੀਤ ਸਿੰਘ ਤੇ ਬਣਦੀ ਕਾਰਵਾਈ ਨਾ ਕੀਤੀ ਤਾਂ ਰਾਮਗੜੀਆ ਭਾਈਚਾਰੇ ਵੱਲੋਂ ਪੂਰਨ ਤੋਰ ਤੇ ਬਾਈਕਾਟ ਕੀਤਾ ਜਾਵੇਗਾ। ਇਸ ਮੋਕੇ ਭੁਪਿੰਦਰ ਸਿੰਘ ਭਿੰਦਰ, ਦਵਿੰਦਰ ਸਿੰਘ ਧਰਦਿਓ,ਹਰਪ੍ਰੀਤ ਸਿੰਘ, ਜਸਕਰਨ ਸਿੰਘ ਚੀਨਾਂ, ਸੁਖਵੰਤ ਸਿੰਘ,ਚਾਨਣ ਸਿੰਘ, ਹਰਦਿਆਲ ਸਿੰਘ ਭੋਮੇਵਾਲੇ, ਗੁਰਵਿੰਦਰ ਸਿੰਘ ਪੰਨੂੰ, ਹਰਵਿੰਦਰ ਸਿੰਘ ਪੰਨੂੰ ,ਗੁਰਮੀਤ ਸਿੰਘ ਸੋਹਲ,ਗੋਰਾ ਪੇਟੀਆ ਵਾਲਾ,ਚਾਨਣ ਸਿੰਘ ਕਲਸ਼ੀ ਆਦਿ ਹਾਜਰ ਸਨ।

## ਮਾਮਲਾ ਨਿੱਜੀ ਸਕੂਲਾਂ ਵੱਲੋਂ ਕੀਤੀ ਕਨੂੰਨ ਦੀ ਉਲੰਘਣਾ

# ਹਾਈ ਕੋਰਟ ਨੇ ਕੀਤਾ ਨੋਟਿਸ ਜਾਰੀ,ਡਿੱਗੇਗੀ ਪ੍ਰਾਈਵੇਟ ਸਕੂਲਾਂ ਤੇ ਗਾਜ਼

ਚੌਕ ਮਹਿਤਾ18,ਅਪ੍ਰੈਲ ( ਬਾਬਾ ਸੁਖਵੰਤ ਸਿੰਘ ਚੰਨਣਕੇ ) ਮਾਣਯੋਗ ਪੰਜਾਬ ਐਂਡ ਹਰਿਆਣਾ ਹਾਈਕੋਰਟ ਨੇ ਘੱਟ ਗਿਣਤੀ ਲੋਕ ਭਲਾਈ ਸੰਸਥਾ (ਰਜਿ) ਦੇ ਸੁਪਰੀਮੋਂ ਸ੍ਰ ਸਤਨਾਮ ਸਿੰਘ ਗਿੱਲ ਦੀ ਪਟੀਸ਼ਨ ਤੇ ਸੁਣਵਾਈ ਕਰਦੇ ਹੋਏ ਪ੍ਰਾਈਵੇਟ ਸਕੂਲਾਂ ਵੱਲੋਂ ਕੀਤੀ ਜਾ ਰਹੀ ਕਨੂੰਨ ਦੀ ਉਲੰਘਣਾ ਦੇ ਮਾਮਲੇ 'ਚ ਪੰਜਾਬ ਸਰਕਾਰ ਨੂੰ ਨੋਟਿਸ ਜਾਰੀ ਕਰ ਦਿੱਤਾ ਹੈ ਪ੍ਰਾਈਵੇਟ ਸਕੂਲਾਂ ਦੀ ਜਾਂਚ ਦੇ ਮਾਮਲੇ 'ਚ ਕਮਿਸ਼ਨਾ ਅਤੇ ਪ੍ਰਸਾਸ਼ਿਨਕ ਅਧਿਕਾਰੀਆਂ ਵੱਲੋਂ ਵਰਤੀ ਗਈ ਕੌਤਾਹੀ ਦੇ ਮਾਮਲੇ 'ਚ ਉੱਚ ਨਿਆਪਾਲਿਕਾ ਤੱਕ ਪਹੁੰਚ ਕਰਨ ਵਾਲੇ ਪਟੀਸ਼ਨ ਕਰਤਾ ਸ੍ਰ ਸਤਨਾਮ ਸਿੰਘ ਗਿੱਲ ਨੇ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਹੈ ਕਿ ਆਪਣੇ ਵਕੀਲ ਨਿਸ਼ਾ ਰਾਣਾ ਅਤੇ ਆਸ਼ੂ ਰਾਣਾ ਰਾਹੀਂ ਜਨਹਿੱਤ 'ਚ ਦਾਇਰ ਕੀਤੀ ਗਈ ਯਾਚਿਕਾ ਦੀ ਸੁਣਵਾਈ ਕਰਦੇ ਹੋਏ ਪੰਜਾਬ ਐਂਡ ਹਰਿਆਣਾ ਹਾਈ ਕੋਰਟ ਦੇ ਮਾਣਯੋਗ ਐਕਟਿੰਗ ਚੀਫ ਜੱਜ ਜੀ.ਐਸ. ਸੰਧਾਵਾਲੀਆਂ ਨੇ 16/04/2024 ਸਿਵਲ ਰਿੱਟ ਪਟੀਸ਼ਨ ਨੰਬਰ 14 ਆਫਿ 2024 ਦੇ ਸਬੰਧ 'ਚ ਸਟੇਟ ਨੂੰ 21/05/2024 ਨੂੰ ਜਵਾਬ ਦਾਇਰ ਕਰਨ ਲਈ ਨੋਟਿਸ ਜਾਰੀ ਕੀਤਾ ਹੈ। ਇਥੇਂ ਮੀਡੀਆ ਕਰਮੀਆਂ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਮਾਣਯੋਗ ਪੰਜਾਬ ਐਂਡ ਹਰਿਆਣਾ ਹਾਈ ਕੋਰਟ ਨੇ ਸਿੱਖਿਆ ਦਾ ਅਧਿਕਾਰ ਕਨੂੰਨ 2009 'ਚ ਪੰਜਾਬ ਸਰਕਾਰ ਦੁਆਰਾ ਰੂਲ 2011 'ਚ ਕੀਤੀ 'ਸੋਧ' ਦੇ ਨਿਯਮ 7 (4) ਨੂੰ ਹੱਟਾਉਣ ਲਈ ਸੇਵਾ ਮੁਕਤ ਭਾਰਤੀ ਪ੍ਰਸਾਸ਼ਕੀ ਸੇਵਾਵਾਂ ਸ੍ਰੀ ਉਕਾਂਰ ਨਾਥ ਅਤੇ ਕ੍ਰਿਪਾਲ ਸਿੰਘ ਆਦਿ ਦੁਆਰਾ ਦਾਇਰ ਕੀਤੀ ਜਨਹਿੱਤ ਦੀ ਯਾਚਿਕਾ ਅਤੇ ਮੇਰੇ ਦੁਆਰਾ ਪੰਜਾਬ ਦੇ ਪ੍ਰਾਈਵੇਟ ਸਕੂਲਾਂ ਨੂੰ ਕਾਇਦੇ ਕਨੂੰਨ ਦੀ ਪਾਲ੍ਹਣਾ ਲਈ ਪਾਬੰਦ ਕਰਨ ਲਈ ਕੀਤੀ ਕਨੂੰਨੀ ਚਾਰਾਜੋਈ ਦੇ ਵਿਸ਼ੇ ਸਬੰਧੀ ਰਿੱਟ ਨੂੰ 21/05/2024 ਦੇ ਨੋਟਿਸ ਨਾਲ ਕਲੱਬ ਕਰਦੇ ਹੋਏ ਰਾਜ ਸਰਕਾਰ ਤੋਂ ਜਵਾਬ ਤਲਬੀ ਯਕੀਨੀ ਬਣਾ ਦਿੱਤੀ ਹੈ। ਇੱਕ ਸਵਾਲ ਦੇ ਜਵਾਬ 'ਚ ਸ੍ਰ ਗਿੱਲ ਨੇ ਦੱਸਿਆ ਕਿ ਘੱਟ ਗਿਣਤੀ ਲੋਕ ਭਲਾਈ ਸੰਸਥਾ (ਰਜਿ) ਦੀ ਟੀਮ ਨੇ ਪੜਤਾਲ ਕਰਕੇ ਬਲਾਕ ਰਈਆ ਅਤੇ ਜ਼ਿਲ੍ਹਾ ਅੰਮ੍ਰਿਤਸਰ ਦੇ 109 ਅਜਿਹੇ ਸਕੂਲਾਂ ਨੂੰ ਸੂਚੀਬੱਧ ਕੀਤਾ ਸੀ ਜਿਸ ਕੋਲ ਮਾਨਤਾ ਨਾ ਹੋਣ,ਚੋਣੀਂਦਾ ਵਿਸ਼ਿਆ ਦੀ ਪ੍ਰਵਾਨਗੀ ਨਾ ਹੋਣ,ਸ਼ਾਮਲਾਤ ਜ਼ਮੀਨਾ ਤੇ ਸਕੂਲਾਂ ਦੀ ਬਿਲਡਿੰਗਾਂ ਦੀ ਉਸਾਰੀ ਕਰਨ ਦਾ ਮਾਮਲਾ,ਪ੍ਰਾਈਵੇਟ ਸਕੂਲਾਂ ਦੀ ਵਿਭਾਗੀ ਅਤੇ ਅਦਾਲਤੀ ਮਾਮਲਿਆਂ ਸ਼ਮੂਲੀਅਤ ਦੇ ਬਾਵਜੂਦ ਮਾਨਤਾ 'ਚ ਵਾਧੇ ਲੈਣ ਦੇ ਸੰਗੀਨ ਵਿਸ਼ੇ ਤੇ 'ਡਿਫਾਲਟਰ' ਸਕੂਲਾਂ ਨੂੰ ਸੂਚੀਬੱਧ ਕਰਨ ਲਈ ਅਤੇ ਉਕਤ ਸਕੂਲਾਂ ਦੀ ਪੜਤਾਲ ਸੇਵਾ ਮੁਕਤ ਜੱਜ ਅਧਾਰਿਤ ਪੜਤਾਲੀਆਂ ਕਮਿਸ਼ਨ ਤੋਂ ਕਰਵਾਉਂਣ ਲਈ ਮਾਣਯੋਗ ਪੰਜਾਬ ਐਂਡ ਹਰਿਆਣਾ ਹਾਈ ਕੋਰਟ ਚੰਡੀਗੜ੍ਹ ਦਾ ਦਰਵਾਜਾ ਖੜਕਾਇਆ ਸੀ। ਪਟੀਸ਼ਨ ਕਰਤਾ ਨੇ ਕਿਹਾ ਕਿ ਉਨ੍ਹਾ ਵੱਲੋਂ ਉਨਾ ਸਮੂਹ ਵਿਭਾਗਾ ਦੇ ਅਧਿਕਾਰੀਆਂ ਨੂੰ ਵੀ ਪਾਰਟੀ ਬਣਾ ਰਹੇ ਹਨ ਜਿੰਨ੍ਹਾ ਨੇ ਉਨਾ ਦੀ ਸ਼ਿਕਾਇਤਾਂ ਦਾ ਨਿਪਟਾਰਾ ਕਨੂੰਨ ਅਨੁਸਾਰ ਕਰਨ 'ਚ ਫਰਜ਼ 'ਚ ਕੌਤਾਹੀ ਵਰਤੀ ਹੈ।



# ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਜਨਮ ਦਿਨ 2 ਜੂਨ ਦੇ ਸਬੰਧ ਵਿੱਚ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਦੇ ਗ੍ਰਹਿ ਵਿਖੇ ਹੰਗਾਮੀ ਮੀਟਿੰਗ



**(ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ)**-ਦਮਦਮੀ ਟਕਸਾਲ ਦੇ 14ਵੇਂ ਮੁਖੀ ਨੌਜਵਾਨਾਂ ਦੇ ਦਿਲਾਂ ਦੀ ਧੜਕਣ ਕਹਿਣੀ ਤੇ ਕਥਨੀ ਦੇ ਪੂਰੇ ਸ਼੍ਰੀਮਾਨ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲਿਆਂ ਦਾ ਜਨਮ ਦਿਹਾੜਾ 2 ਜੂਨ ਨੂੰ ਪਿੰਡ ਰੋਡੇ ਗੁਰਦੁਆਰਾ ਸੰਤ ਖਾਲਸਾ ਜਨਮ ਅਸਥਾਨ ਤੇ ਬਹੁਤ ਵੱਡੇ ਪੱਧਰ ਤੇ ਮਨਾਇਆ ਜਾ ਰਿਹਾ ਹੈ। ਜਥੇਬੰਦੀ ਦੇ ਸਮੂਹ ਵਰਕਰਾਂ ਅਤੇ ਅਹੁਦੇਦਾਰਾਂ ਵਿੱਚ ਭਾਰੀ ਜੋਸ਼ ਦਿਖਾਈ ਦੇ ਰਿਹਾ ਹੈ ਅਤੇ ਤਿਆਰੀਆਂ ਸ਼ੁਰੂ ਹੋ ਚੁੱਕੀਆਂ ਹਨ ਇਸੇ ਸਬੰਧੀ ਇੰਟਰਨੈਸ਼ਨਲ ਪੰਥਕ ਦਲ ਦੇ ਚੀਫ ਐਡਵਾਈਜ਼ਰ ਪੰਜਾਬ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਦੇ ਗ੍ਰਹਿ ਵਿਖੇ ਮੀਟਿੰਗ ਕੀਤੀ ਗਈ। ਇਸੇ ਤਰ੍ਹਾਂ ਬਾਬਾ ਸੱਜਣ ਸਿੰਘ ਜੀ ਵੱਲੋਂ ਜੋ 20 ਅਪ੍ਰੈਲ ਸ਼ਨੀਵਾਰ ਨੂੰ ਗੁਰਦੁਆਰਾ ਸੰਤ ਖਾਲਸਾ ਜਨਮ ਅਸਥਾਨ ਤੇ ਇੰਟਰਨੈਸ਼ਨਲ ਪੰਥਕ ਦਲ ਵੱਲੋਂ ਸੰਤ ਭਿੰਡਰਾਂਵਾਲਿਆਂ ਦੇ ਜਨਮ ਦਿਨ ਸੰਬੰਧੀ ਮੀਟਿੰਗ ਕੀਤੀ ਜਾ ਰਹੀ ਹੈ ਉਥੇ ਵੱਧ ਤੋਂ ਵੱਧ ਪਹੁੰਚਣ ਲਈ ਸੰਗਤਾਂ ਨੂੰ ਬੇਨਤੀ ਕੀਤੀ। ਇਸ ਮੌਕੇ ਸ੍ਰ ਸਤਿੰਦਰਪਾਲ ਸਿੰਘ ਜੀ ਮਿੰਟੂ ਮਾੜੀ ਮੇਘਾ ਹਲਕਾ ਇੰਚਾਰਜ ਖੇਮਕਰਨ ਸਪੁੱਤਰ ਮਾਸਟਰ ਬਲਵਿੰਦਰ ਸਿੰਘ ਜੀ ਮਾੜੀ ਮੇਘਾ, ਬਾਬਾ ਗੁਰਸਾਹਿਬ ਸਿੰਘ ਜੀ ਮੁੱਖ ਸੇਵਾਦਾਰ ਸਮਾਗਮ ਸੇਵਕ ਵਰਨਾਲਾ ,ਭਾਈ ਗੁਰਭੇਜ ਸਿੰਘ ਜੀ ਭੈਣੀ ਮੱਸਾ ਸਿੰਘ ਜਿਲਾ ਪ੍ਰਧਾਨ ਤਰਨ ਤਾਰਨ, ਸ੍ਰ ਬਲਜੀਤ ਸਿੰਘ ਜੀ ਪੁਰਤਗਾਲ ਸਪੁੱਤਰ ਜਥੇਦਾਰ ਬਾਬਾ ਨਛੱਤਰ ਸਿੰਘ ਜੀ ਭੈਣੀ ਮੱਸਾ ਸਿੰਘ ਪ੍ਰਧਾਨ ਅਸਟਰੀਆ ਯੂਰਪ,ਡਾ ਗੁਰਬਖਸ਼ ਸਿੰਘ ਜੀ ਵਰਨਾਲਾ, ਸ੍ਰ ਗੁਰਸ਼ਰਨ ਸਿੰਘ ਹਾਜਰ ਸਨ।

# ਮਾਝਾ ਪ੍ਰੈੱਸ ਕਲੱਬ ਵਲੋ ਪੱਤਰਕਾਰ ਜਸਬੀਰ ਸਿੰਘ ਮਾਨਾਵਾਲਾ ਕਲਾ ਦੇ ਪ੍ਰਧਾਨ ਨਿਯੁਕਤ



ਚੌਕ ਮਹਿਤਾ18 ਅਪ੍ਰੈਲ ( ਬਾਬਾ ਸੁਖਵੰਤ ਸਿੰਘ ਚੰਨਣਕੇ )ਪੱਤਰਕਾਰ ਜਸਬੀਰ ਸਿੰਘ ਭੋਲਾ ਮਾਨਾਵਾਲਾ ਕਲਾ ਵਲੋ ਜਨਤਾ ਪ੍ਰਤੀ ਨਿਭਾਈਆ ਗਈਆ ਚੰਗੀਆ ਕਾਰਗੁਜ਼ਾਰੀਆਂ ਨੂੰ ਲੈ ਕੇ ਮਾਝਾ ਪ੍ਰੈਸ ਕਲੱਬ ਅੰਮ੍ਰਿਤਸਰ ਵੱਲੋਂ ਫਿਰ ਤੋਂ ਜਿੰਮੇਵਾਰੀਆ ਸੋਪਦਿਆ ਹੋਇਆ। ਸਿਰੋਪਾਓ ਵਜੋ ਸਨਮਾਨਿਤ ਕਰਦੇ ਹੋਏ ਮਾਨਾ ਵਾਲਾ ਕਲਾ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ ਇਸ ਮੌਕੇ ਜਸਬੀਰ ਸਿੰਘ ਨੇ ਦਸਿਆ ਕਿ ਮੈ ਆਪਣੇ ਪਿੰਡ ਦੇ ਸਾਰੇ ਨਿਵਾਸੀਆ ਅਤੇ ਮਾਝਾ ਪ੍ਰੈੱਸ ਕਲੱਬ ਅੰਮ੍ਰਿਤਸਰ ਦਾਂ ਤਹਿ ਦਿਲੋ ਧੰਨਵਾਦ ਕਰਦਾਂ ਹਾ ਅਤੇ ਬਹੁਤ ਬਹੁਤ ਵਧਾਈਆ ਦਿੰਦਾਂ ਹਾਂ ਅਤੇ ਸੀਨੀਅਰ ਪੱਤਰਕਾਰ ਹਰਪਾਲ ਸਿੰਘ, ਸ਼ਹੀਦ ਭਗਤ ਸਿੰਘ ਪ੍ਰੈਸ ਜਨਲਿਸਟ ਐਸੋਸੀਏਸ਼ਨ ਦੇ ਪ੍ਰਧਾਨ ਰਣਜੀਤ ਸਿੰਘ ਮਸੌਣ ਅਤੇ ਸ੍ਰ ਜੋਗਾ ਸਿੰਘ ਦਾ ਤਹਿ ਦਿਲੋਂ ਧੰਨਵਾਦ ਕੀਤਾ

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243




ਮੌਂਟਰੀਅਲ: ਸਥਾਨਕ ਸਾਹਿਤਕ ਸੰਸਥਾ 'ਪੰਜਾਬੀ ਕਲਮ ਕੇਂਦਰ' ਮੌਂਟਰੀਅਲ,ਕਨੇਡਾ ਵੱਲੋਂ ਸਰਦ ਰੁੱਤ ਦੇ ਖਤਮ ਹੁੰਦਿਆਂ 'ਬਹਾਰ' ਦੀ ਆਮਦ ਨੂੰ ਖੁਸ਼ਆਮਦੀਦ ਕਹਿਣ ਲਈ ਮਿਤੀ 20/04/2024 ਦਿਨ ਸ਼ਨੀਵਾਰ ਦੀ ਸ਼ਾਮ 3:00 ਤੋਂ 5:45 ਵਜੇ "ਕਾਵਿ-ਸੰਗਮ" ਕਵੀ ਦਰਬਾਰ, ਲੇਕ-ਰੈਜੀਡੈਂਸ, ਲੇਕ ਰੀਊ, ਡੀ ਡੀ ਓ ਮੌਂਟਰੀਅਲ ਵਿਖੇ ਕਰਵਾਇਆ ਜਾ ਰਿਹਾ ਹੈ ।ਇਸ ਕਵੀ ਦਰਬਾਰ 'ਚ ਸਥਾਨਕ ਕਵੀਆਂ ਤੋਂ ਇਲਾਵਾ ਜਿੱਥੇ ਆਸ ਪਾਸ ਦੇ ਨਗਰਾਂ ਤੋਂ ਕਵੀ ਪਹੁੰਚ ਰਹੇ ਹਨ ਉੱਥੇ ਭਾਰਤ ਤੋਂ ਆਏ ਹੋਏ ਕਵੀ ਵੀ ਉਚੇਚੇ ਤੌਰ ਤੇ ਸ਼ਿਰਕਤ ਕਰਨਗੇ ।ਇਸ ਮੌਕੇ ਪੰਜਾਬੀ ਕਲਮ ਕੇਂਦਰ ਦੇ ਕਾਰਜ ਕਰਤਾ ਸ਼ਾਇਰ ਹਰਜਿੰਦਰ ਸਿੰਘ ਪੱਤੜ ਨੇ ਜਾਣਕਾਰੀ ਦਿੰਦਿਆਂ ਕਹਿ ਹੈ ਕਿ ਕਨੇਡਾ ਦੀ ਅਤੀ ਰੁਝੇਵਿਆਂ ਭਰੀ ਜੀਵਨ ਸ਼ੈਲੀ ਵਿਚ ਰੂਹ ਦੀ ਖੁਰਾਕ ਵਜੋਂ ਸਾਹਿਤਕ ਧਾਰਾ ਨਾਲ ਜੁੜਨਾ ਤੇ ਜੋੜਨਾ ਬੇਹੱਦ ਜਰੂਰੀ ਹੈ। ਪੰਜਾਬੀ ਕਲਮ ਕੇਂਦਰ ਮੌਂਟਰੀਅਲ ਦਾ ਨਿਸ਼ਾਨਾ ਆਉਣ ਵਾਲੀ ਪੀੜੀ ਨੂੰ ਪੰਜਾਬੀ ਸਾਹਿਤ- ਸੱਭਿਆਚਾਰ ਨਾਲ ਜੋੜੀ ਰੱਖਣਾ ਤੇ ਮਨੁੱਖੀ ਕਦਰਾਂ ਕੀਮਤਾਂ ਨੂੰ ਬਰਕਰਾਰ ਰਖਣਾ ਹੈ। ਜੋ ਕਿ ਪੰਜਾਬੀ ਕਲਮ ਕੇਂਦਰ,ਮੌਂਟਰੀਅਲ ਅਜਿਹੇ ਮੌਕਿਆਂ ਤੇ ਕਵੀਆਂ ਦਰਬਾਰਾਂ ,ਸਾਹਿਤਕ ਗੋਸ਼ਟੀਆਂ ਅਤੇ ਸਾਹਿਤਕ ਇਕੱਤਰਤਾਵਾਂ ਦੇ ਰੂਪ ਵਿਚ ਨਿਰੰਤਰ ਜਾਰੀ ਰੱਖ ਰਿਹਾ ਹੈ। ਇਹ ਕਵੀ ਦਰਬਾਰ ਵੀ ਇਹਨਾਂ ਯਤਨਾਂ ਦੀ ਕੜੀ ਵਜੋਂ ਹੀ ਆਯੋਜਿਤ ਕੀਤਾ ਜਾ ਰਿਹਾ ਹੈ ।ਇਸ ਮੌਕੇ ਪੰਜਾਬ ਤੋਂ ਸ਼ਾਇਰ ਅਮਰਜੀਤ ਸਿੰਘ ਜੀਤ ਗ.ਜ਼ਲਗੋ,ਕੌਰਨਵਾਲ ਤੋਂ ਸ਼ਾਇਰ ਸ਼ੋਏਬ ,ਸੁਰਜੀਤ ਸਿੰਘ ਪਾਹਵਾ,ਉੱਘੇ ਚਿੱਤਰਕਾਰ ਮਨਜੀਤ ਚਾਤ੍ਰਿਕ, ਬਹੁਭਾਸ਼ਾਈ ਨਾਮਵਰ ਸ਼ਾਇਰ ਸੁਖਵਿੰਦਰ ਜੁਤਲਾ,ਨੌਜਵਾਨ ਸ਼ਾਇਰ ਮੋਹਨ ਪ੍ਰੀਤ ਪੱਤੜ , ਅਮਨਦੀਪ , ਹਰਜਿੰਦਰ ਸਿੰਘ ਪੁਰਵਾ, ਬਹੁ ਵਿਧਾਵੀ ਸ਼ਾਇਰ ਗੁਰਿੰਦਰ ਜੀਤ,ਸੁਰਿੰਦਰ ਪਾਲ ਸਿੰਘ, ਬਕਾਲਮ ਖਾਸ ਹਰਜਿੰਦਰ ਪੱਤੜ ਅਤੇ ਨਿੱਘੇ ਸੱਦੇ ਤੇ ਪੁੱਜੇ ਸਥਾਨਕ ਕਵੀ ਆਪਣੇ ਕਲਾਮ ਨਾਲ ਰੰਗ ਬੰਨ੍ਹਣਗੇ।